SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 189** | **Monday, October 09, 2023** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਸੁਨਕ ਨੇ ਜਸਟਿਨ ਟਰੂਡੋ ਨਾਲ ਫੋਨ 'ਤੇ ਕੀਤੀ ਗੱਲ, ਭਾਰਤ-ਕੈਨੇਡਾ ਵਿਵਾਦ ਨੂੰ ਘੱਟ ਕਰਨ ਦੀ ਕੀਤੀ ਅਪੀਲ



ਲੰਡਨ, 8 ਅਕਤੂਬਰ (ਪੋਸਟ ਬਿਊਰੋ): ਬ੍ਰਿਟਿਸ਼ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਸ਼ੁੱਕਰਵਾਰ, 6 ਅਕਤੂਬਰ ਨੂੰ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨਾਲ ਫੋਨ 'ਤੇ ਗੱਲ ਕੀਤੀ। ਸੁਨਕ ਨੇ ਟਰੂਡੋ ਨੂੰ ਭਾਰਤ-ਕੈਨੇਡਾ ਵਿਵਾਦ ਨੂੰ ਘੱਟ ਕਰਨ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਦੋਵਾਂ ਦੇਸ਼ਾਂ ਵਿਚਾਲੇ ਗੱਲਬਾਤ ਨਾਲ ਕੂਟਨੀਤਕ ਵਿਵਾਦ ਘੱਟ ਹੋਣਗੇ।

ਇਸ ਦੌਰਾਨ ਬ੍ਰਿਟਿਸ਼ ਪ੍ਰਧਾਂਨ ਮੰਤਰੀ ਨੇ ਟਰੂਡੋ ਨੂੰ ਭਾਰਤ ਵਿੱਚ ਕੈਨੇਡੀਅਨ ਡਿਪਲੋਮੈਟਾਂ ਨਾਲ ਸਬੰਧਤ ਸਥਿਤੀ ਬਾਰੇ ਜਾਣੂ ਕਰਵਾਇਆ ਗਿਆ। ਸੁਨਕ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਾਰੇ ਦੇਸ਼ਾਂ ਨੂੰ ਵੀਏਨਾ ਕਨਵੈਨਸ਼ਨ ਦੇ ਨਿਯਮਾਂ ਸਮੇਤ ਪ੍ਰਭੂਸੱਤਾ ਅਤੇ ਕਾਨੂੰਨ ਦੇ ਰਾਜ ਦਾ ਸਨਮਾਨ ਕਰਨਾ ਚਾਹੀਦਾ ਹੈ।

## ਜੀਐਮ ਤੇ ਯੂਨੀਅਨ ਦਰਮਿਆਨ ਡੈੱਡਲਾਈਨ ਤੱਕ ਸਮਝੌਤਾ ਸਿਰੇ ਚੜ੍ਹਨ ਦੀ ਉਮੀਦ ਘੱਟ

ਓਟਵਾ, 8 ਅਕਤੂਬਰ (ਪੋਸਟ ਬਿਊਰੋ) : ਇੱਕ ਪਾਸੇ ਬੈਂਕਸਗਿਵਿੰਗ ਡੇਅ ਦੀ ਡੈੱਡਲਾਈਨ ਸਿਰ ਉੱਤੇ ਹੈ ਤੇ ਦੂਜੇ ਪਾਸੇ ਯੂਨੀਅਨ ਅਧਿਕਾਰੀਆਂ ਦਾ ਕਹਿਣਾ ਹੈ ਕਿ ਕਈ ਅਜਿਹੇ ਵੱਡੇ ਮੁੱਦੇ ਹਨ ਜਿਹੜੇ ਅਜੇ ਵੀ ਅਣਸੁਲਝੇ ਹਨ ਕਿਉਂਕਿ ਜਨਰਲ ਮੋਟਰਜ਼ ਪਿਛਲੇ ਮਹੀਨੇ ਫੋਰਡ ਨਾਲ ਹੋਏ ਸਮਝੌਤੇ ਵਾਲੇ ਕਈ ਤੱਤਾਂ ਨੂੰ ਮੰਨਣ ਤੋਂ ਇਨਕਾਰ ਕਰ ਰਹੀ ਹੈ।

ਯੂਨੀਫੌਰ ਦੇ ਪ੍ਰੈਜ਼ੀਡੈਂਟ ਲਾਨਾ ਪੇਅਨ ਨੇ ਯੂਨੀਅਨ ਮੈਂਬਰਜ਼ ਨੂੰ ਵੀਡੀਓ ਸੰਬੋਧਨ ਵਿੱਚ ਆਖਿਆ ਕਿ ਹਾਲਾਂਕਿ ਲੋਕਲ ਤੇ ਸਬ ਕਮੇਟੀ ਪੱਧਰ ਉੱਤੇ ਕਈ ਨੁਕਤਿਆਂ ਉੱਤੇ ਸਹਿਮਤੀ ਬਣ ਚੁੱਕੀ ਹੈ ਪਰ ਅਜੇ ਵੀ ਜੀਐਮ ਕਈ ਅਹਿਮ ਮੁੱਦਿਆਂ ਉੱਤੇ ਸਹਿਮਤ ਨਹੀਂ ਹੋ ਰਹੀ। ਪੇਅਨ ਨੇ ਆਖਿਆ ਕਿ ਫੋਰਡ ਵਾਲੀ ਗੱਲ ਜੀਐਮ ਨਾਲ ਬਣਦੀ ਨਜ਼ਰ ਨਹੀਂ ਆ ਰਹੀ।




ਫੋਰਡ ਵਾਲਾ ਕਰਾਰ ਜੀਐਮ ਨਾਲ ਕਰਵਾਉਣਾ ਵੱਡੀ ਚੁਣੌਤੀ ਹੈ।

ਫੋਰਡ ਨਾਲ ਹੋਏ ਸਮਝੌਤੇ ਵਿੱਚ ਕੈਨੇਡੀਅਨ ਆਟੋ ਬਾਰਗੇਨਿੰਗ ਇਤਿਹਾਸ ਦੇ ਭੱਤਿਆਂ ਵਿੱਚ ਸੱਭ ਤੋਂ ਵੱਧ ਵਾਧਾ, ਸੋਧਿਆ ਹੋਇਆ ਪੈਨਸ਼ਨ ਪਲੈਨ ਤੇ ਇਲੈਕਟ੍ਰਿਕ ਵ੍ਹੀਕਲ ਟਰਾਂਜਿ਼ਸ਼ਨ ਦੌਰਾਨ ਪ੍ਰੋਟੈਕਸ਼ਨ ਆਦਿ ਸ਼ਾਮਲ ਹਨ। ਯੂਨੀਅਨ ਦਾ ਦਾਅਵਾ ਹੈ ਕਿ ਜੀਐਮ ਕੋਲ ਸੈਂਕੜੇ ਫੁੱਲ ਟਾਈਮ ਵਰਕਰਜ਼ ਹਨ ਜਿਨ੍ਹਾਂ ਨੂੰ ਟੀਪੀਟੀਜ਼ ਦਾ ਦਰਜਾ ਦਿੱਤਾ ਗਿਆ ਹੈ ਜਦਕਿ ਉਨ੍ਹਾਂ ਨੂੰ ਪਰਮਾਨੈਂਟ ਇੰਪਲੌਈ ਦਾ ਦਰਜਾ ਦਿੱਤਾ ਜਾਣਾ ਚਾਹੀਦਾ ਹੈ। ਅਜਿਹਾ ਕਰਕੇ ਜੀਐਮ ਟੀਪੀਟੀ ਪ੍ਰੋਗਰਾਮ ਦੀ ਦੁਰਵਰਤੋਂ ਕਰ ਰਹੀ ਹੈ ਅਜੇ ਵੀ ਓਸ਼ਵਾ, ਸੇਂਟ ਕੈਥਰੀਨਜ਼ ਤੇ ਵੁੱਡਸਟਾਕ ਵਿੱਚ ਕਈ ਫੁੱਲ ਟੀਪੀਟੀ ਮੈਂਬਰਜ਼ ਨੂੰ ਇਹ ਦਰਜਾ ਨਹੀਂ ਦਿੱਤਾ ਜਾ ਰਿਹਾ। ਪੇਅਨ ਨੇ ਆਖਿਆ ਕਿ ਜਦੋਂ ਤੱਕ ਇਹ ਮਸਲਾ ਹੱਲ ਨਹੀਂ ਹੋ ਜਾਂਦਾ ਉਦੋਂ ਤੱਕ ਸਮਝੌਤਾ ਸਿਰੇ ਨਹੀਂ ਚੜ੍ਹਣ ਵਾਲਾ।

## ਫਲਾਈਟਾਂ ਰੱਦ ਹੋਣ ਕਾਰਨ ਕਈ ਕੈਨੇਡੀਅਨ ਇਜ਼ਰਾਈਲ ਵਿੱਚ ਫਸੇ

ਓਟਵਾ, 8 ਅਕਤੂਬਰ (ਪੋਸਟ ਬਿਊਰੋ) : ਐਤਵਾਰ ਨੂੰ ਇਜ਼ਰਾਈਲ ਦੇ ਗਾਜ਼ਾ ਪੱਟੀ ਉੱਤੇ ਹਮਲਾ ਬੋਲਣ ਤੋਂ ਬਾਅਦ ਏਅਰਲਾਈਨਜ਼ ਵੱਲੋਂ ਦੇਸ਼ ਵਿੱਚੋਂ ਬਾਹਰ ਜਾਣ ਵਾਲੀਆਂ ਉਡਾਨਾਂ ਰੱਦ ਕਰ ਦੇਣ ਕਾਰਨ ਕੁੱਝ ਕੈਨੇਡੀਅਨ ਉੱਥੇ ਹੀ ਫਸ ਗਏ ਹਨ। ਇਨ੍ਹਾਂ ਕੈਨੇਡੀਅਨਜ਼ ਦਾ ਹਾਲੀਡੇਅ ਵੀਕੈਂਡ ਲਈ ਕੈਨੇਡੀਅਨ ਅੰਬੈਸੀ ਤੱਕ ਪਹੁੰਚਣਾ ਵੀ ਔਖਾ ਹੋਇਆ ਪਿਆ ਹੈ। ਇਸ ਦੌਰਾਨ ਐਤਵਾਰ ਦੁਪਹਿਰ ਨੂੰ ਗਲੋਬਲ ਅਫੇਅਰਜ਼ ਕੈਨੇਡਾ ਨੇ ਇੱਕ ਬਿਆਨ ਜਾਰੀ ਕਰਕੇ ਆਖਿਆ ਕਿ ਉਹ ਇਸ ਗੱਲ ਤੋਂ ਜਾਣੂ ਹਨ ਕਿ ਇਸ ਲੜਾਈ ਵਿੱਚ ਇੱਕ ਕੈਨੇਡੀਅਨ ਮਾਰਿਆ ਗਿਆ ਹੈ ਤੇ ਦੋ ਹੋਰ ਲਾਪਤਾ ਹਨ। ਇਸ ਬਿਆਨ ਵਿੱਚ ਕਿਸੇ ਹੋਰ ਕੈਨੇਡੀਅਨ ਦੇ ਮਾਰੇ ਜਾਣ ਜਾਂ ਲਾਪਤਾ ਹੋਣ ਦੀ ਜਾਣਕਾਰੀ ਨਹੀਂ ਦਿੱਤੀ ਗਈ। ਬਿਆਨ ਵਿੱਚ ਇਹ ਵੀ ਆਖਿਆ ਗਿਆ ਕਿ ਇਜ਼ਰਾਈਲ ਸਥਿਤ ਕੈਨੇਡੀਅਨ ਸਰਕਾਰ ਦੇ ਅਧਿਕਾਰੀ ਲੋਕਲ ਅਧਿਕਾਰੀਆਂ ਨਾਲ ਹੋਰ ਜਾਣਕਾਰੀ ਹਾਸਲ ਕਰਨ ਲਈ ਰਾਬਤਾ ਰੱਖ ਰਹੇ ਹਨ।



ਜ਼ਿਕਰਯੋਗ ਹੈ ਕਿ ਸ਼ਨਿੱਚਰਵਾਰ ਨੂੰ ਜਦੋਂ ਹਮਸ ਦੇ ਅੱਤਵਾਦੀਆਂ ਨੇ ਬਾਰਡਰ ਉੱਤੇ ਹਜ਼ਾਰਾਂ ਦੀ ਗਿਣਤੀ ਵਿੱਚ ਰਾਕੇਟ ਦਾਗੇ ਤੇ ਆਪਣੇ ਲੜਾਕੂ ਹਵਾਈ, ਜ਼ਮੀਨੀ ਤੇ ਸਮੁੰਦਰੀ ਰਸਤੇ ਰਾਹੀਂ ਬਾਰਡਰ ਉੱਤੇ ਕਬਜਾ ਕਰਨ ਲਈ ਭੇਜੇ, ਇਸ ਤੋਂ ਬਾਅਦ ਐਤਵਾਰ ਨੂੰ ਇਜ਼ਰਾਈਲ ਸਰਕਾਰ ਨੇ ਜੰਗ ਦਾ ਐਲਾਨ ਕਰ ਦਿੱਤਾ ਤੇ ਹਮਸ ਖਿਲਾਫ ਕਾਰਵਾਈ ਲਈ ਫੌਜ ਨੂੰ ਹੁਕਮ ਦੇ ਦਿੱਤੇ। ਅਜੇ ਵੀ ਦੱਖਣੀ ਟਾਊਨਜ਼ ਵਿੱਚ ਮੌਜੂਦ ਲੜਾਕੂਆਂ ਨੂੰ ਫੌਜ ਦਰੜਨ ਦੀ ਕੋਸਿ਼ਸ਼ ਕਰ ਰਹੀ ਹੈ ਤੇ ਗਾਜ਼ਾ ਪੱਟੀ ਉੱਤੇ ਵੀ ਇਜ਼ਰਾਈਲ ਵੱਲੋਂ ਭਾਰੀ ਬੰਬਾਰੀ ਕੀਤੀ ਜਾ ਰਹੀ ਹੈ।

ਇਸ ਦੌਰਾਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਐਤਵਾਰ ਨੂੰ ਗੱਲਬਾਤ ਕੀਤੀ ਜਿੱਥੇ ਉਨ੍ਹਾਂ ਹਮਸ ਵੱਲੋਂ ਕੀਤੇ ਹਮਲੇ ਦੀ ਨਿੰਦਾ ਕੀਤੀ ਤੇ ਇਹ ਭਰੋਸਾ ਦਿਵਾਇਆ ਕਿ ਕੈਨੇਡਾ ਇਜ਼ਰਾਈਲ ਨਾਲ ਹੈ।

## ਦੋ ਗੱਡੀਆਂ ਦੀ ਟੱਕਰ ਵਿੱਚ ਤਿੰਨ ਜ਼ਖ਼ਮੀ

ਬਰੈਂਪਟਨ, 8 ਅਕਤੂਬਰ (ਪੋਸਟ ਬਿਊਰੋ) : ਬਰੈਂਪਟਨ ਵਿੱਚ ਤੜ੍ਹਕਸਾਰ ਦੋ ਗੱਡੀਆਂ ਦੀ ਟੱਕਰ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਪੀਲ ਪੁਲਿਸ ਨੇ ਦੱਸਿਆ ਕਿ ਅੱਧੀ ਰਾਤ ਤੋਂ ਬਾਅਦ ਦੋ ਗੱਡੀਆਂ ਗਿਲਿੰਘਮ



ਡਰਾਈਵ ਤੇ ਮੇਨ ਸਟਰੀਟ ਏਰੀਆ ਵਿੱਚ ਇੱਕਦੂਜੇ ਨਾਲ ਟਕਰਾਅ ਗਈਆਂ। ਇਸ ਹਾਦਸੇ ਵਿੱਚ ਇੱਕ ਵਿਅਕਤੀ ਦੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਣ ਕਾਰਨ ਉਸ ਨੂੰ ਟਰੌਮਾ ਸੈਂਟਰ ਲਿਜਾਇਆ ਗਿਆ ਜਦਕਿ ਦੋ ਹੋਰਨਾਂ ਨੂੰ ਜ਼ਖ਼ਮੀ ਹਾਲਤ ਵਿੱਚ ਲੋਕਲ ਹਸਪਤਾਲ ਲਿਜਾਇਆ ਗਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਇਸ ਲਈ ਕਈ ਸੜਕਾਂ ਨੂੰ ਬੰਦ ਕਰ ਦਿੱਤਾ ਗਿਆ ਹੈ।

## ਇਕਹਿਰੀ ਗੱਡੀ ਨੂੰ ਪੇਸ਼ ਆਏ ਹਾਦਸੇ ਵਿੱਚ ਪੰਜ ਜ਼ਖ਼ਮੀ



ਟੋਰਾਂਟੋ, 8 ਅਕਤੂਬਰ (ਪੋਸਟ ਬਿਊਰੋ) : ਡਫਰਿਨ ਕਾਊਂਟੀ ਵਿੱਚ ਇਕਹਿਰੀ ਗੱਡੀ ਨੂੰ ਪੇਸ਼ ਆਏ ਹਾਦਸੇ ਵਿੱਚ ਪੰਜ ਵਿਅਕਤੀ ਜ਼ਖ਼ਮੀ ਹੋ ਗਏ। ਇਲਾਜ ਲਈ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ।

ਇਹ ਹਾਦਸਾ ਐਤਵਾਰ ਦੁਪਹਿਰ ਨੂੰ ਸ਼ੈਲਬਰਨ ਦੇ ਉੱਤਰਪੂਰਬ ਵਿੱਚ ਫੋਰਥ ਲੇਨ ਦੀ ਕਾਊਂਟੀ ਰੋਡ ਉੱਤੇ ਮਿਲੈਂਕਟਨ ਟਾਊਨਸ਼ਿਪ ਵਿੱਚ ਵਾਪਰਿਆ। ਡਫਰਿਨ ਓਪੀਪੀ ਨੇ ਦੱਸਿਆ ਕਿ ਚਾਰ ਵਿਅਕਤੀਆਂ ਨੂੰ ਲੋਕਲ ਹਸਪਤਾਲ ਲਿਜਾਇਆ ਗਿਆ ਜਦਕਿ ਇੱਕ ਵਿਅਕਤੀ ਨੂੰ ਨਾਜ਼ੁਕ ਹਾਲਤ ਵਿੱਚ ਏਅਰ ਲਿਫਟ ਕਰਕੇ ਟੋਰਾਂਟੋ ਦੇ ਟਰੌਮਾ ਸੈਂਟਰ ਲਿਜਾਇਆ ਗਿਆ।

ਚਾਰ ਜ਼ਖ਼ਮੀਆਂ ਦੀ ਹਾਲਤ ਹੁਣ ਕਿਹੋ ਜਿਹੀ ਹੈ ਇਸ ਬਾਰੇ ਅਜੇ ਪਤਾ ਨਹੀਂ ਲੱਗ ਸਕਿਆ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਮੋਟਰਿਸਟਸ ਨੂੰ ਇਸ ਇਲਾਕੇ ਤੋਂ ਪਾਸੇ ਰਹਿਣ ਲਈ ਆਖਿਆ ਜਾ ਰਿਹਾ ਹੈ।

NOW HIRING !!!
ALLKIND INSURANCE
•Life Insurance •Critical illness Ins •Travel & Visitor Ins •RESP & TFSA & RRSP
•Super Visa Insurance •Mortgage Insurance •Disability Insurance •Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
*Trademark used under licence by Allstate Insurance Company. 232374 | 6-23

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
RANJIT GILL
Insurance Advisor
Ph: 416.724.5000
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

INSURANCE
oHome oAuto
oBusiness oTrucking
oLife Insurance oCommercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration
Real Estate
Family Law
Business Closing
Corporate
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੌਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਅਫਗਾਨਿਸਤਾਨ ਵਿਚ ਭੂਚਾਲ ਕਾਰਨ ਮਰਨ ਵਾਲਿਆਂ ਦੀ ਗਿਣਤੀ 2000 ਤੱਕ ਪਹੁੰਚੀ, ਆਂਕੜਾ ਵਧ ਵੀ ਸਕਦਾ ਹੈ

ਕਾਬੁਲ, 8 ਅਕਤੂਬਰ (ਪੋਸਟ ਬਿਊਰੋ): ਪੱਛਮੀ ਅਫਗਾਨਿਸਤਾਨ ਵਿਚ ਆਏ ਭਿਆਨਕ ਭੂਚਾਲ ਵਿਚ ਮਰਨ ਵਾਲਿਆਂ ਦੀ ਗਿਣਤੀ 2,000 ਹੋ ਗਈ ਹੈ। ਤਾਲਿਬਾਨ ਦੇ ਬੁਲਾਰੇ ਨੇ ਦੱਸਿਆ ਕਿ ਇਸ ਤਬਾਹੀ ਵਿਚ 465 ਘਰ ਢਹਿ-ਢੇਰੀ ਹੋ ਗਏ ਅਤੇ 135 ਨੂੰ ਨੁਕਸਾਨ ਪਹੁੰਚਿਆ। ਸੰਯੁਕਤ ਰਾਸ਼ਟਰ ਨੇ ਕਿਹਾ ਕਿ ਭਾਗੀਦਾਰਾਂ ਅਤੇ ਸਥਾਨਕ ਅਧਿਕਾਰੀਆਂ ਨੂੰ ਉਮੀਦ ਹੈ ਕਿ ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ ਕਿਉਂਕਿ ਖੋਜ ਅਤੇ ਬਚਾਅ ਦੇ ਯਤਨ ਜਾਰੀ ਹਨ ਕਿਉਂਕਿ ਕੁਝ ਲੋਕ ਅਜੇ ਵੀ ਮਲਬੇ ਹੇਠਾਂ ਦੱਬੇ ਹੋ ਸਕਦੇ ਹਨ। ਆਫਤਾ ਅਥਾਰਟੀ ਦੇ ਬੁਲਾਰੇ ਮੁਹੰਮਦ ਅਬਦੁੱਲਾ ਨੇ ਕਿਹ ਕਿ ਹੇਰਾਤ ਸੂਬੇ ਦੇ ਜੇਂਡਾ ਜਾਨ ਜ਼ਿਲ੍ਹੇ ਦੇ ਚਾਰ ਪਿੰਡਾਂ 'ਤੇ ਸਭ ਤੋਂ ਵੱਧ ਅਸਰ ਪਿਆ ਹੈ।

ਅਮਰੀਕੀ ਭੂ-ਵਿਗਿਆਨ ਸਰਵੇਖਣ ਨੇ ਕਿਹਾ ਕਿ ਭੂਚਾਲ ਦਾ ਕੇਂਦਰ ਹੇਰਾਤ ਸ਼ਹਿਰ ਤੋਂ ਲਗਭਗ 40 ਕਿਲੋਮੀਟਰ ਉੱਤਰ-ਪੱਛਮ ਵਿੱਚ ਸੀ। ਇਸ ਤੋਂ ਬਾਅਦ 6.3, 5.9 ਅਤੇ 5.5 ਦੀ ਤੀਬਰਤਾ ਵਾਲੇ ਤਿੰਨ ਭੂਚਾਲ ਦੇ ਝਟਕੇ ਵੀ ਮਹਿਸੂਸ ਕੀਤੇ ਗਏ। ਸਰਵੇਖਣ ਦੀ ਵੈੱਬਸਾਈਟ 'ਤੇ ਪੋਸਟ ਕੀਤੇ ਗਏ ਇੱਕ ਨਕਸ਼ੇ ਵਿੱਚ ਖੇਤਰ ਵਿੱਚ ਸੱਤ ਭੂਚਾਲਾਂ ਦੇ ਝਟਕੇ ਦਿਖਾਏ ਗਏ ਹਨ। ਹੇਰਾਤ ਸ਼ਹਿਰ ਦੇ ਵਸਨੀਕ ਅਬਦੁਲ ਸਮਦੀ ਨੇ ਦੱਸਿਆ ਕਿ ਕੱਲ੍ਹ ਦੁਪਹਿਰ ਸ਼ਹਿਰ ਵਿੱਚ ਘੱਟੋ-ਘੱਟ ਪੰਜ ਸ਼ਕਤੀਸ਼ਾਲੀ ਭੂਚਾਲ ਦੇ ਝਟਕੇ ਆਏ।



ਵਿਸ਼ਵ ਸਿਹਤ ਸੰਗਠਨ (ਡਬਲਯੂ.ਐੱਚ.ਓ.) ਨੇ ਕਿਹਾ ਕਿ ਉਸਨੇ ਜ਼ਖਮੀਆਂ ਨੂੰ ਹਸਪਤਾਲਾਂ ਤੱਕ ਪਹੁੰਚਾਉਣ ਲਈ ਜੇਂਡਾ ਜਾਨ ਖੇਤਰ ਵਿੱਚ 12 ਐਂਬੂਲੈਂਸਾਂ ਭੇਜੀਆਂ। ਟੈਲੀਫੋਨ ਲਾਈਨਾਂ ਡਾਊਨ ਹੋਣ ਕਾਰਨ ਪ੍ਰਭਾਵਿਤ ਇਲਾਕਿਆਂ ਤੋਂ ਸਹੀ ਜਾਣਕਾਰੀ ਹਾਸਲ ਕਰਨਾ ਮੁਸ਼ਕਲ ਹੈ। ਸੋਸ਼ਲ ਮੀਡੀਆ 'ਤੇ ਸਾਹਮਣੇ ਆਈਆਂ ਵੀਡੀਓਜ਼ 'ਚ ਹੇਰਾਤ ਸ਼ਹਿਰ 'ਚ ਸੈਂਕੜੇ ਲੋਕ ਆਪਣੇ ਘਰਾਂ ਅਤੇ ਦਫਤਰਾਂ ਦੇ ਬਾਹਰ ਸੜਕਾਂ 'ਤੇ ਦਿਖਾਈ ਦਿੱਤੇ। ਹੇਰਾਤ ਪ੍ਰਾਂਤ ਈਰਾਨ ਦੀ ਸਰਹੱਦ ਨਾਲ ਲੱਗਦਾ ਹੈ। ਸਥਾਨਕ ਮੀਡੀਆ ਰਿਪੋਰਟਾਂ ਅਨੁਸਾਰ ਭੂਚਾਲ ਦੇ ਝਟਕੇ ਨੇੜਲੇ ਫਰਾਹ ਅਤੇ ਬਦਗਿਸ ਪ੍ਰਾਂਤਾਂ ਵਿੱਚ ਵੀ ਮਹਿਸੂਸ ਕੀਤੇ ਗਏ।

## ਅੱਜ ਨਾਮਾ

ਚੁਣੌਤੀ ਦਿੱਤੀ ਫਿਰ ਮਾਨ ਵਿਰੋਧੀਆਂ ਨੂੰ,
ਇੱਕੋ ਈ ਮੰਚ'ਤੇ ਆਣ ਸਭ ਬਹੋ ਬੇਲੀ।
ਦੋਸ਼ ਬਾਹਰ ਨਾ ਐਵੇਂ ਹੀ ਫਿਰੋ ਲਾਉਂਦੇ,
ਸਭ ਕੁਝ ਸਾਹਮਣੇ ਆਣ ਕੇ ਕਹੋ ਬੇਲੀ।
ਕਰਨੀ ਜਿਹੜੀ ਵੀ ਗੱਲ ਹੈ ਕਰੋ ਸਿੱਧੀ,
ਐਵੇਂ ਭਰਮਾਂ ਦੇ ਵਿੱਚ ਨਹੀਂ ਰਹੋ ਬੇਲੀ।
ਕਰਨੀ ਜਿੰਨੀ ਵੀ ਚੋਟ ਹੈ, ਖੁੱਲ੍ਹ ਕਰਿਉ,
ਵੱਜਦੀ ਅੱਗੋਂ ਕੋਈ ਸੱਟ ਤਾਂ ਸਹੋ ਬੇਲੀ।
ਜਾਖੜ, ਬਾਜਵਾ, ਰਾਜਾ, ਸੁਖਬੀਰ ਬੋਲੇ,
ਕਰਿਆ ਸਾਰਿਆਂ ਚੈਲਿੰਜ ਪ੍ਰਵਾਨ ਬੇਲੀ।
ਆਹਮੋ-ਸਾਹਮਣੇ ਬੋਲਣਗੇ ਜਦੋਂ ਆਗੂ,
ਸਾਹਮਣੇ ਵੇਖ ਲਊ ਕੁੱਲ ਜਹਾਨ ਬੇਲੀ।

**ਤੀਸ ਮਾਰ ਖਾਂ**

## ਇਜ਼ਰਾਈਲ ਅਤੇ ਫਲਸਤੀਨ ਵਿਚਾਲੇ ਜੰਗ ਦੌਰਾਨ ਏਅਰ ਇੰਡੀਆ ਨੇ 14 ਅਕਤੂਬਰ ਤੱਕ ਉਡਾਨਾਂ ਕੀਤੀਆਂ ਰੱਦ

ਨਵੀਂ ਦਿੱਲੀ, 8 ਅਕਤੂਬਰ (ਪੋਸਟ ਬਿਊਰੋ): ਇਜ਼ਰਾਈਲ ਅਤੇ ਫਲਸਤੀਨ ਵਿਚਕਾਰ ਜੰਗ ਚਲ ਰਹੀ ਹੈ। ਇਸ ਜੰਗ ਵਿੱਚ ਹੁਣ ਤੱਕ ਕਈ ਲੋਕ ਮਾਰੇ ਜਾ ਚੁੱਕੇ ਹਨ। ਇਸ ਦੌਰਾਨ ਭਾਰਤੀ ਏਅਰਲਾਈਨ ਏਅਰ ਇੰਡੀਆ ਨੇ ਇਜ਼ਰਾਈਲ ਤੋਂ ਆਪਣੀਆਂ ਉਡਾਨਾਂ ਰੱਦ ਕਰ ਦਿੱਤੀਆਂ ਹਨ। ਏਅਰ ਇੰਡੀਆ ਦੇ ਬੁਲਾਰੇ ਨੇ ਇਸ ਸਬੰਧ ਵਿਚ ਕਿਹਾ ਕਿ ਸਾਡੇ ਯਾਤਰੀਆਂ ਅਤੇ ਚਾਲਕ ਦਲ ਦੀ ਸੁਰੱਖਿਆ ਲਈ ਤਲਅਵੀਵ ਤੋਂ ਉਡਾਨਾਂ 14 ਅਕਤੂਬਰ ਤੱਕ ਰੱਦ ਰਹਿਣਗੀਆਂ। ਇਸ ਦੌਰਾਨ ਉਨ੍ਹਾਂ ਲੋਕਾਂ ਦੀ ਹਰ ਸੰਭਵ ਮੱਦਦ ਕੀਤੀ ਜਾਵੇਗੀ, ਜਿਨ੍ਹਾਂ ਨੇ ਟਿਕਟਾਂ ਬੁੱਕ ਕਰਵਾਈਆਂ ਸਨ। ਤੁਹਾਨੂੰ ਦੱਸ ਦੇਈਏ ਕਿ ਤਲ ਅਵੀਵ ਅਤੇ ਭਾਰਤ ਵਿਚਾਲੇ ਹਰ ਰੋਜ਼ 5 ਫਲਾਈਟਾਂ ਉਡਾਨ ਭਰਦੀਆਂ ਹਨ। ਇਸ ਤੋਂ ਪਹਿਲਾਂ ਸ਼ਨੀਵਾਰ ਨੂੰ ਜਦੋਂ ਹਮਾਸ ਦੇ ਅੱਤਵਾਦੀਆਂ ਨੇ ਇਜ਼ਰਾਈਲ 'ਤੇ ਹਮਲਾ ਕੀਤਾ ਅਤੇ ਫਿਰ ਇਜ਼ਰਾਈਲ ਨੇ ਜਵਾਬੀ ਕਾਰਵਾਈ ਸ਼ੁਰੂ ਕੀਤੀ ਤਾਂ ਏਅਰ ਇੰਡੀਆ ਨੇ ਆਪਣੀਆਂ ਉਡਾਣਾਂ 189 ਅਤੇ 140 ਨੂੰ ਰੱਦ ਕਰ ਦਿੱਤਾ ਸੀ।

# ਹਮਾਸ ਤੋਂ ਬਾਅਦ, ਹੁਣ ਲੇਬਨਾਨ ਨੇ ਇਜ਼ਰਾਈਲ 'ਤੇ ਕੀਤਾ ਹਅਮਲਾ ਕੀਤਾ, ਮੋਰਟਾਰ ਦਾਗੇ, 300 ਇਜ਼ਰਾਇਲੀ ਅਤੇ 256 ਫਲਸਤੀਨੀਆਂ ਦੀ ਮੌਤ

ਤਲਅਵੀਵ, 8 ਅਕਤੂਬਰ (ਪੋਸਟ ਬਿਊਰੋ): ਹਮਾਸ ਅਤੇ ਇਜ਼ਰਾਈਲ ਵਿਚਾਲੇ ਸ਼ਨੀਵਾਰ ਨੂੰ ਸ਼ੁਰੂ ਹੋਈ ਜੰਗ ਦੂਜੇ ਦਿਨ ਵੀ ਜਾਰੀ ਹੈ। ਇਜ਼ਰਾਈਲ ਨੇ ਕਿਹਾ ਹੈ ਕਿ ਐਤਵਾਰ ਨੂੰ ਹੋਈ ਲੜਾਈ ਵਿਚ ਉਸ ਦੇ 26 ਸੈਨਿਕ ਮਾਰੇ ਗਏ ਸਨ। ਦੂਜੇ ਪਾਸੇ ਐਤਵਾਰ ਸਵੇਰੇ ਲੇਬਨਾਨ ਦੇ ਅੱਤਵਾਦੀ ਸੰਗਠਨ ਹਿਜ਼ਬੁੱਲਾ ਨੇ ਵੀ ਇਜ਼ਰਾਈਲ 'ਤੇ ਮੋਰਟਾਰ ਹਮਲਾ ਕੀਤਾ। ਇਸ ਦੇ ਜਵਾਬ ਵਿਚ ਇਜ਼ਰਾਈਲ ਨੇ ਲੇਬਨਾਨ 'ਤੇ ਹਵਾਈ ਹਮਲੇ ਸ਼ੁਰੂ ਕਰ ਦਿੱਤੇ ਹਨ।



ਹਮਾਸ ਨੇ 7 ਅਕਤੂਬਰ ਨੂੰ ਇਜ਼ਰਾਈਲ 'ਤੇ 5 ਹਜ਼ਾਰ ਰਾਕੇਟ ਨਾਲ ਹਮਲਾ ਕੀਤਾ ਸੀ। ਜੰਗ ਦੇ ਦੂਜੇ ਦਿਨ ਗਾਜ਼ਾ ਸਰਹੱਦ 'ਤੇ ਤੈਨਾਤ ਇਜ਼ਰਾਈਲੀ ਰੱਖਿਆ ਬਲ ਨਾਹਲ ਬ੍ਰਿਗੇਡ ਦੇ ਕਮਾਂਡਰ ਅਤੇ ਉਸ ਦੇ 300 ਲੋਕਾਂ ਦੀ ਮੌਤ ਹੋ ਗਈ ਹੈ। 256 ਫਲਸਤੀਨੀ ਵੀ ਮਾਰੇ ਗਏ ਹਨ। ਇਜ਼ਰਾਈਲ ਵਿਚ 1,864 ਅਤੇ ਫਲਸਤੀਨ ਵਿਚ 1,700 ਤੋਂ ਵੱਧ ਲੋਕ ਜ਼ਖਮੀ ਹੋਏ ਹਨ।


ਇੱਥੇ, ਇਜ਼ਰਾਇਲੀ ਰੱਖਿਆ ਬਲ ਦੇ ਬੁਲਾਰੇ ਜੋਨਾਥਨ ਕੋਨਰਿਕਸ ਨੇ ਇੱਕ ਵੀਡੀਓ ਜਾਰੀ ਕਰਕੇ ਦੋਸ਼ ਲਗਾਇਆ ਹੈ ਕਿ ਹਮਾਸ ਨੇ ਔਰਤਾਂ ਅਤੇ ਬੱਚਿਆਂ ਸਮੇਤ ਲਗਭਗ 200 ਇਜ਼ਰਾਇਲੀ ਲੋਕਾਂ ਨੂੰ ਬੰਧਕ ਬਣਾ ਲਿਆ ਹੈ। ਉਨ੍ਹਾਂ ਨੂੰ ਗਾਜ਼ਾ ਵੱਲ ਲਿਜਾਇਆ ਗਿਆ ਹੈ। ਜੋਨਾਥਨ ਨੇ ਖਦਸ਼ਾ ਪ੍ਰਗਟਾਇਆ ਕਿ ਇਹ ਅੰਕੜਾ ਵੀ ਵਧ ਸਕਦਾ ਹੈ। ਉਨ੍ਹਾਂ ਕਿਹਾ ਕਿ ਹਮਾਸ ਨੇ ਕਈ ਔਰਤਾਂ ਅਤੇ ਬੱਚਿਆਂ ਨੂੰ ਮਾਰਿਆ ਹੋ ਸਕਦਾ ਹੈ। ਸਾਡੇ ਕੋਲ ਇਸ ਬਾਰੇ ਕੋਈ ਠੋਸ ਜਾਣਕਾਰੀ ਨਹੀਂ ਹੈ। ਉਨ੍ਹਾਂ ਨੂੰ ਬਚਾਉਣ ਦੇ ਯਤਨ ਕੀਤੇ ਜਾ ਰਹੇ ਹਨ।

ਅਸਲ 'ਚ ਸੋਸ਼ਲ ਮੀਡੀਆ 'ਤੇ ਕਈ ਵੀਡੀਓ ਵਾਇਰਲ ਹੋ ਰਹੇ ਹਨ, ਜਿਸ 'ਚ ਹਮਾਸ ਦੇ ਲੜਾਕੇ ਇਜ਼ਰਾਇਲੀ ਨਾਗਰਿਕਾਂ ਨੂੰ ਜ਼ਬਰਦਸਤੀ ਗੱਡੀਆਂ 'ਚ ਬਿਠਾ ਕੇ ਲੈ ਜਾਂਦੇ ਨਜ਼ਰ ਆ ਰਹੇ ਹਨ। ਹਾਲਾਂਕਿ ਰਿਪੋਰਟਾਂ ਦੇ ਹਵਾਲੇ ਨਾਲ ਕਿਹਾ ਹੈ ਕਿ ਕੁਝ ਬੰਧਕਾਂ ਨੂੰ ਬਚਾ ਲਿਆ ਗਿਆ ਹੈ।





















# ਏਅਰ ਚੀਫ਼ ਮਾਰਸ਼ਲ ਭਾਰਤੀ ਹਵਾਈ ਫ਼ੌਜ ਦੇ ਨਵੇਂ ਝੰਡੇ ਕੀਤਾ ਉਦਘਾਟਨ, ਨਵੇਂ ਝੰਡੇ ਉੱਪਰ ਹੋਵੇਗਾ ਭਾਰਤੀ ਹਵਾਈ ਫ਼ੌਜ ਦਾ ਚਿੰਨ੍ਹ

ਪ੍ਰਯਾਗਰਾਜ, 8 ਅਕਤੂਬਰ (ਪੋਸਟ ਬਿਊਰੋ): ਏਅਰ ਚੀਫ ਮਾਰਸ਼ਲ ਵੀ. ਆਰ. ਚੌਧਰੀ ਨੇ ਐਤਵਾਰ ਨੂੰ ਪ੍ਰਯਾਗਰਾਜ ਵਿਚ ਸਾਲਾਨਾ ਏਅਰ ਫੋਰਸ ਡੇਅ ਪਰੇਡ ਦੌਰਾਨ ਭਾਰਤੀ ਹਵਾਈ ਫੌਜ ਦੇ ਨਵੇਂ ਝੰਡੇ ਦਾ ਉਦਘਾਟਨ ਕੀਤਾ। ਹਵਾਈ ਫ਼ੌਜ ਦਾ ਇਹ ਕਦਮ ਜਲ ਸੈਨਾ ਵਲੋਂ ਆਪਣੇ ਬਸਤੀਵਾਦੀ ਅਤੀਤ ਨੂੰ ਤਿਆਗ ਕੇ ਆਪਣਾ ਝੰਡਾ ਬਦਲਣ ਦੇ ਇਕ ਸਾਲ ਤੋਂ ਵੱਧ ਸਮੇਂ ਬਾਅਦ ਚੁੱਕਿਆ ਗਿਆ ਹੈ। ਨਵਾਂ ਝੰਡਾ 7 ਦਹਾਕੇ ਪਹਿਲਾਂ ਅਪਣਾਏ ਗਏ ਪੁਰਾਣੇ ਝੰਡੇ ਦੀ ਥਾਂ ਲਵੇਗਾ। ਰੱਖਿਆ ਵਿਭਾਗ ਦੇ ਲੋਕ ਸੰਪਰਕ ਅਧਿਕਾਰੀ ਗਰੁੱਪ ਕੈਪਟਨ ਸਮੀਰ ਗੰਗਾਖੇਡਕਰ ਨੇ ਦੱਸਿਆ ਕਿ ਹਵਾਈ ਸੈਨਾ ਦੇ ਮੁਖੀ ਵੀ. ਆਰ. ਚੌਧਰੀ ਨੇ ਐਤਵਾਰ 8 ਅਕਤੂਬਰ ਨੂੰ ਹਵਾਈ ਫ਼ੌਜ ਦਿਵਸ ਮੌਕੇ 'ਤੇ ਪਰੇਡ ਦੌਰਾਨ ਹਵਾਈ ਫ਼ੌਜ ਦੇ ਨਵੇਂ ਝੰਡੇ ਦਾ ਉਦਘਾਟਨ ਕੀਤਾ।



ਇਸ ਸਾਲ ਹਵਾਈ ਫ਼ੌਜ ਆਪਣੀ ਸਥਾਪਨਾ ਦਾ 91ਵਾਂ ਸਾਲ ਪੂਰਾ ਕਰ ਰਹੀ ਹੈ, ਜਿਸ ਦੀ ਯਾਦ 'ਚ ਸੰਗਮ ਖੇਤਰ ਵਿਚ ਇਕ ਸ਼ਾਨਦਾਰ ਏਅਰ ਸ਼ੋਅ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ 'ਚ ਚਿਨੂਕ, ਚੇਤਕ, ਜੈਗੁਆਰ, ਅਪਾਚੇ ਅਤੇ ਰਾਫੇਲ ਸਮੇਤ ਕਈ ਜਹਾਜ਼ ਆਪਣੀ ਤਾਕਤ ਦਾ ਪ੍ਰਦਰਸ਼ਨ ਕਰਨਗੇ। ਹਵਾਈ ਫ਼ੌਜ ਨੇ ਕਿਹਾ ਕਿ 8 ਅਕਤੂਬਰ ਨੂੰ ਭਾਰਤੀ ਹਵਾਈ ਫ਼ੌਜ ਦੇ ਇਤਿਹਸ 'ਚ ਇਕ ਮਹੱਤਵਪੂਰਨ ਦਿਨ ਵਜੋਂ ਦਰਜ ਕੀਤਾ ਜਾਵੇਗਾ। ਇਸ ਇਤਿਹਾਸਕ ਦਿਨ 'ਤੇ ਹਵਾਈ ਫ਼ੌਜ ਦੇ ਮੁਖੀ ਨੇ ਹਵਾਈ ਫ਼ੌਜ ਦੇ ਨਵੇਂ ਝੰਡੇ ਦੀ ਘੁੰਡ ਚੁਕਾਈ ਕੀਤੀ।

ਭਾਰਤੀ ਹਵਾਈ ਫ਼ੌਜ ਅਧਿਕਾਰਤ ਤੌਰ 'ਤੇ 8 ਅਕਤੂਬਰ 1932 ਨੂੰ ਸਥਾਪਨਾ ਕੀਤੀ ਗਈ ਸੀ। ਇਕ ਬਿਆਨ ਮੁਤਾਬਕ ਹੁਣ ਝੰਡੇ ਦੇ ਉੱਪਰ ਸੱਜੇ ਕੋਨੇ 'ਚ ਫਲਾਈ ਸਾਈਡ 'ਤੇ ਹਵਾਈ ਫ਼ੌਜ ਦੇ ਸਿਰੇ 'ਤੇ ਅਸ਼ੋਕ ਚਿੰਨ੍ਹ ਹੈ ਅਤੇ ਉਸ ਦੇ ਹੇਠਾਂ ਦੇਵਨਾਗਰੀ ਵਿਚ 'ਸੱਤਯਮੇਵ ਜਯਤੇ' ਸ਼ਬਦ ਲਿਖਿਆ ਹੋਇਆ ਹੈ।

# ਮੁੱਖ ਮੰਤਰੀ ਵੱਲੋਂ ਬਾਜਵਾ, ਜਾਖੜ, ਵੜਿੰਗ ਅਤੇ ਸੁਖਬੀਰ ਨੂੰ ਪੰਜਾਬ ਦੇ ਮਸਲਿਆਂ 'ਤੇ ਇਕ ਨਵੰਬਰ ਨੂੰ ਖੁੱਲ੍ਹੀ ਬਹਿਸ ਦਾ ਸੱਦਾ

ਚੰਡੀਗੜ੍ਹ, 8 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਪੰਜਾਬ ਦੇ ਮਸਲਿਆਂ ਉਤੇ ਇਕ ਨਵੰਬਰ ਨੂੰ ਖੁੱਲ੍ਹੀ ਬਹਿਸ ਦੀ ਚੁਣੌਤੀ ਦਿੱਤੀ ਹੈ।



ਇਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਨੇਤਾਵਾਂ ਦੇ ਹੱਥ ਅਤੇ ਰੂਹਾਂ ਪੰਜਾਬ ਦੇ ਲਹੂ ਨਾਲ ਲਥਪਥ ਹਨ ਕਿਉਂਕਿ ਇਨ੍ਹਾਂ ਨੇ ਪੰਜਾਬ ਅਤੇ ਪੰਜਾਬੀਆਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨਾਲ ਕਮਾਏ ਧ੍ਰੋਹ ਲਈ ਇਨ੍ਹਾਂ ਲੀਡਰਾਂ ਨੂੰ ਸੂਬੇ ਦੇ ਲੋਕ ਕਦੇ ਵੀ ਮੁਆਫ਼ ਨਹੀਂ ਕਰਨਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੂੰ ਪੰਜਾਬ ਦਿਵਸ ਮੌਕੇ ਪ੍ਰਸਤਾਵਿਤ ਬਹਿਸ ਲਈ ਚੰਗੀ ਤਰ੍ਹਾਂ ਤਿਆਰੀ ਕਰਨ ਲਈ ਆਖਿਆ ਜਿੱਥੇ ਉਹ ਇਨ੍ਹਾਂ ਨੇਤਾਵਾਂ ਦੇ ਪੰਜਾਬ ਵਿਰੁੱਧ ਕੱਚੇ ਚਿੱਠੇ ਖੋਲ੍ਹ ਕੇ ਅਸਲ ਚਿਹਰਾ ਜੱਗ ਜ਼ਾਹਰ ਕਰਨਗੇ।

ਮੁੱਖ ਮੰਤਰੀ ਨੇ ਕਿਹਾ, "ਖੁੱਲ੍ਹੀ ਬਹਿਸ ਪੰਜਾਬ ਨੂੰ ਹੁਣ ਤੱਕ ਕੀਹਨੇ ਤੇ ਕਿਵੇਂ ਲੁੱਟਿਆ ਦੇ ਆਲੇ-ਦੁਆਲੇ ਕੇਂਦਰਿਤ ਹੋਵੇਗੀ। ਇਸ ਬਹਿਸ ਵਿੱਚ ਭਾਈ-ਭਤੀਜੇ, ਸਾਲੇ-ਜੀਜੇ, ਮਿੱਤਰ-ਮੁਲਾਹਜ਼ੇ, ਟੋਲ ਪਲਾਜ਼ੇ, ਜਵਾਨੀ-ਕਿਸਾਨੀ, ਵਪਾਰ-ਦੁਕਨਦਾਰ, ਗੁਰੂਆਂ ਦੀ ਬਾਣੀ, ਨਹਿਰਾਂ ਦਾ ਪਾਣੀ ਦੀ ਗੱਲ ਹੋਵੇਗੀ।" ਉਨ੍ਹਾਂ ਕਿਹਾ ਕਿ ਵਿਰੋਧੀ ਨੇਤਾਵਾਂ ਨੇ ਇਨ੍ਹਾਂ ਸਾਰੇ ਮਸਲਿਆਂ ਉਤੇ ਪੰਜਾਬ ਨਾਲ ਗੱਦਾਰੀ ਕੀਤੀ ਹੈ ਜਿਸ ਲਈ ਇਨ੍ਹਾਂ ਨੂੰ ਸੂਬੇ ਦੇ ਲੋਕਾਂ ਅੱਗੇ ਜੁਆਬਦੇਹ ਬਣਾਇਆ ਜਾਵੇਗਾ। ਭਗਵੰਤ ਸਿੰਘ ਮਾਨ ਨੇ ਇਨ੍ਹਾਂ ਨੇਤਾਵਾਂ ਨੂੰ ਪੰਜਾਬ ਵਾਸੀਆਂ ਅਤੇ ਮੀਡੀਆ ਸਾਹਮਣੇ ਖੁੱਲ੍ਹੀ ਬਹਿਸ ਲਈ ਵੰਗਾਰਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਨੇਤਾਵਾਂ ਨੂੰ ਕਿਹਾ ਕਿ ਤੁਹਾਡੇ ਕੋਲ ਇਸ ਬਹਿਸ ਲਈ ਤਿਆਰੀ ਕਰਨ ਦਾ ਖੁੱਲ੍ਹਾ ਸਮਾਂ ਹੈ ਅਤੇ ਆਪਣਾ ਬਚਾਅ ਕਰਨ ਲਈ ਕਾਗਜ਼-ਪੱਤਰ ਵੀ ਲਿਆ ਸਕਦੇ ਹੋ। ਹਾਲਾਂਕਿ, ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਤਾਂ ਲੋਕਾਂ ਦੀ ਕਚਹਿਰੀ ਵਿੱਚ ਸੱਚ ਦੀ ਗੱਲ ਕਰਨੀ ਹੈ ਜਿਸ ਕਰਕੇ ਮੈਨੂੰ ਕਿਸੇ ਕਾਗਜ਼-ਪੱਤਰ ਦਾ ਸਹਾਰਾ ਲੈਣ ਦੀ ਲੋੜ ਨਹੀਂ ਅਤੇ ਮੈਂ ਬਿਨਾਂ ਕਿਸੇ ਕਾਗਜ਼ ਦੇ ਬਹਿਸ ਵਿੱਚ ਹਿੱਸਾ ਲਵਾਂਗਾ।" ਉਨ੍ਹਾਂ ਕਿਹਾ ਕਿ ਵਿਰੋਧੀ ਨੇਤਾ ਜਿਨ੍ਹਾਂ ਚਾਹੁਣ ਰੱਟਾ ਲਾ ਲੈਣ ਕਿਉਂਕਿ ਆਖਰ ਵਿੱਚ ਉਹ ਇਕ ਨਵੰਬਰ ਨੂੰ ਬਹਿਸ ਦੌਰਾਨ ਇਨ੍ਹਾਂ ਦੇ ਗੁਨਾਹ ਬੇਪਰਦ ਕਰ ਦੇਣਗੇ।

## ਸਪੀਕਰ ਸੰਧਵਾਂ ਨੇ ਹਾਕੀ ਦੀ ਟੀਮ ਨੂੰ ਸੋਨ ਤਮਗਾ ਜਿੱਤਣ ਤੇ ਦਿੱਤੀ ਵਧਾਈ

ਫਰੀਦਕੋਟ, 8 ਅਕਤੂਬਰ (ਗਿਆਨ ਸਿੰਘ) ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੇ 10 ਖਿਡਾਰੀ ਉਸ ਹਾਕੀ ਟੀਮ ਦਾ ਹਿੱਸਾ ਨੇ ਜਿਸਨੇ ਏਸ਼ੀਅਨ ਗੇਮਜ਼ ਦੌਰਾਨ ਫਾਈਨਲ ਮੈਚ ਦੌਰਾਨ ਜਪਾਨ ਨੂੰ ਪੰਜ ਇੱਕ ਨਾਲ ਹਰਾਕੇ ਸੋਨ ਤਮਗਾ ਹਾਸਲ ਕੀਤਾ ਹੈ, ਇਹ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਪਤਾਨ ਹਰਮਨਪ੍ਰੀਤ ਸਿੰਘ ਸਮੇਤ ਸਮੁੱਚੀ ਟੀਮ ਅਤੇ ਸਮੂਹ ਦੇਸ਼ ਵਾਸੀਆਂ ਨੂੰ ਦਿਲ ਦੀਆਂ ਗਹਿਰਾਈਆਂ ਚੋਂ ਮੁਬਾਰਕਬਾਦ ਦਿੰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਇਸ ਨਾਲ ਹਾਕੀ ਦੀ ਟੀਮ ਨੇ ਪੈਰਿਸ ਓਲੰਪਿਕਸ ਲਈ ਵੀ ਕੁਆਲੀਫਾਈ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਿਯਮਾਂ ਦੇ ਮੁਤਾਬਕ ਜਿੱਤਣ ਵਾਲੇ ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ ਅਤੇ ਇਸ ਤੋਂ ਇਲਾਵਾ ਖਿਡਾਰੀਆਂ ਨੂੰ ਕੈਸ਼ ਐਵਾਰਡ ਵੀ ਦੇ ਕੇ ਉਨ੍ਹਾਂ ਦੀ ਹੌਸਲਾ ਅਫਜਾਈ ਕੀਤੀ ਜਾਵੇਗੀ।

# ਦਿੱਲੀ ਪੁਲਿਸ ਵਲੋਂ ਅਰਸ਼ ਡੱਲਾ-ਸੁੱਖਾ ਦੂਨੇਕੇ ਗੈਂਗ ਦੇ 2 ਮੈਂਬਰ ਗ੍ਰਿਫਤਾਰ

ਨਵੀਂ ਦਿੱਲੀ, 8 ਅਕਤੂਬਰ (ਪੋਸਟ ਬਿਊਰੋ): ਦਿੱਲੀ ਪੁਲਿਸ ਦੀ ਸਪੈਸ਼ਲ ਬ੍ਰਾਂਚ ਨੇ ਕੈਨੇਡਾ ਸਥਿਤ ਅਰਸ਼ ਡੱਲਾ-ਸੁੱਖਾ ਦੁੱਨੇਕੇ ਗੈਂਗ ਦੇ 2 ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਇਨ੍ਹਾਂ ਵਿੱਚੋਂ ਇੱਕ ਪਿਛਲੇ ਸਾਲ ਮਾਰਚ ਵਿੱਚ ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆਂ ਦੀ ਹੱਤਿਆ ਵਿੱਚ ਸ਼ਾਮਿਲ ਸੀ। ਅਧਿਕਾਰੀਆਂ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਗੈਂਗਸਟਰ ਸੁਖਦੁਲ ਸਿੰਘ ਉਰਫ ਸੁੱਖਾ ਦੂਨੇਕੇ, ਜੋਕਿ ਪੰਜਾਬ ਦੇ ਮੋਸਟ ਵਾਂਟੇਡ ਅਪਰਾਧੀਆਂ ਵਿੱਚੋਂ ਇੱਕ ਸੀ, ਦਾ ਕੈਨੇਡਾ ਦੇ ਸ਼ਹਿਰ ਵਿਨੀਪੈਗ ਵਿੱਚ 20 ਸਤੰਬਰ ਨੂੰ ਅਣਪਛਾਤੇ ਹਮਲਾਵਰਾਂ ਵੱਲੋਂ ਕਤਲ ਕਰ ਦਿੱਤਾ ਗਿਆ ਸੀ।

ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਅਰਸ਼ਦੀਪ ਡੱਲਾ ਅਤੇ ਸੁੱਖਾ ਦੂਨੇਕੇ ਦੇ ਬੇਹੱਦ ਕਰੀਬੀ ਹੈਰੀ ਮੌੜ ਉਰਫ਼ ਹਰਜੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਹੈ। ਹੈਰੀ ਆਪਣੇ ਇੱਕ ਹੋਰ ਸਾਥੀ ਹੈਰੀ ਰਾਜਪੁਰਾ ਦੇ ਨਾਲ ਭਾਰਤ ਵਿੱਚ ਇਸ ਗੈਂਗਸਟਰ ਦਹਿਸ਼ਤੀ ਮਾਡਿਊਲ ਦਾ ਸਾਰਾ ਕੰਮ ਸੰਭਾਲ ਰਿਹਾ ਸੀ ਅਤੇ ਐਨਆਈਏ ਨੂੰ ਵੀ ਲੋੜੀਂਦਾ ਹੈ।



27 ਸਾਲਾ ਹੈਰੀ ਮੋਡ ਉਰਫ ਹਰਜੀਤ ਸਿੰਘ ਬਠਿੰਡਾ ਪੰਜਾਬ ਦਾ ਰਹਿਣ ਵਾਲਾ ਹੈ। ਉਸ ਨੂੰ ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ ਦਿੱਲੀ ਦੇ ਸਰਿਤਾ ਵਿਹਾਰ ਤੋਂ ਉਸ ਸਮੇਂ ਗ੍ਰਿਫਤਾਰ ਕੀਤਾ ਜਦੋਂ ਉਹ ਫਰੀਦਾਬਾਦ ਵਿੱਚ ਕਿਸੇ ਨੂੰ ਮਿਲਣ ਜਾ ਰਿਹਾ ਸੀ। ਪੁਲਿਸ ਅਨੁਸਾਰ ਹੈਰੀ ਮੌੜ ਆਪਣੇ ਸਾਥੀ ਨਾਲ ਮਿਲ ਕੇ ਭਾਰਤ ਵਿੱਚ ਗੈਂਗਸਟਰਾਂ ਅਰਸ਼ਦੀਪ ਡੱਲਾ ਅਤੇ ਸੁੱਖਾ ਦੂਨੇਕੇ ਦਾ ਸਾਰਾ ਕੰਮ ਸੰਭਾਲ ਰਿਹਾ ਸੀ।

ਪੁਲਿਸ ਅਨੁਸਾਰ ਨਸ਼ੇ ਦਾ ਆਦੀ ਹੈਰੀ ਮੌੜ 3-4 ਸਾਲ ਪਹਿਲਾਂ ਸੁੱਖਾ ਦੂਨੇਕੇ ਦੇ ਸੰਪਰਕ ਵਿਚ ਆਇਆ ਸੀ। ਇਸ ਤੋਂ ਬਾਅਦ ਸੁੱਖਾ ਦੁੱਨੇਕੇ ਨੇ ਉਸ ਨੂੰ ਅਰਸ਼ਦੀਪ ਡੱਲਾ ਨਾਲ ਗੱਲ ਕਰਵਾ ਦਿੱਤੀ। ਉਸ ਦੀ ਸਲਾਹ 'ਤੇ ਉਸ ਨੇ ਹੈਰੀ ਰਾਜਪੁਰਾ ਨਾਲ ਮਿਲ ਕੇ ਭਾਰਤ ਵਿਚ ਹਥਿਆਰਾਂ ਅਤੇ ਨਸ਼ਿਆਂ ਦੀ ਤਸਕਰੀ ਸ਼ੁਰੂ ਕਰ ਦਿੱਤੀ ਅਤੇ ਪੰਜਾਬ ਵਿਚ 4 ਟਾਰਗੇਟ ਕਿਲਿੰਗ ਨੂੰ ਅੰਜ਼ਾਮ ਦਿੱਤਾ। ਇਨ੍ਹਾਂ ਵਿੱਚ ਕਬੱਡੀ ਖਿਡਾਰੀ ਸੰਦੀਪ ਨੰਗਲ ਦਾ ਕਤਲ ਵੀ ਸ਼ਾਮਿਲ ਹੈ।

ਹੈਰੀ ਰਾਜਪੁਰਾ ਨੂੰ ਇੱਕ ਮਹੀਨਾ ਪਹਿਲਾਂ ਦਿੱਲੀ ਪੁਲਿਸ ਨੇ ਗ੍ਰਿਫਤਾਰ ਕੀਤਾ ਸੀ। ਪੁਲਿਸ ਅਨੁਸਾਰ ਦੋਵੇਂ ਕੈਨੇਡਾ ਵਿਚ ਅਰਸ਼ਦੀਪ ਅਤੇ ਸੁੱਖਾ ਦੂਨੇਕੇ ਨਾਲ ਵੱਖ-ਵੱਖ ਐਪਾਂ ਰਾਹੀਂ ਗੱਲਬਾਤ ਕਰਦੇ ਸਨ। ਦੋਵੇਂ ਐੱਨ.ਆਈ.ਏ. ਨੂੰ ਲੋੜੀਂਦੇ ਹਨ, ਐਨਆਈਏ ਨੇ ਉਨ੍ਹਾਂ ਖ਼ਿਲਾਫ਼ ਗੈਂਗਸਟਰ ਟੈਰਰ ਮਾਡਿਊਲ (ਯੂਏਪੀਏ) ਤਹਿਤ ਕੇਸ ਦਰਜ ਕੀਤਾ ਹੈ।

# ਬੈਂਗਲੁਰੂ ਵਿਚ ਪਟਾਕਿਆਂ ਦੀ ਦੁਕਾਨ ਵਿਚ ਲੱਗੀ ਅੱਗ, 14 ਲੋਕ ਝੁਲਸੇ

ਬੈਂਗਲੁਰੂ, 8 ਅਕਤੂਬਰ (ਪੋਸਟ ਬਿਊਰੋ): ਬੈਂਗਲੁਰੂ ਦੇ ਅਨੇਕਲ ਤਾਲੁਕ ਦੇ ਅੱਟੀਬੇਲ ਇਲਾਕੇ ਵਿਚ ਸਥਿਤ ਪਟਾਕੇ ਦੀ ਇਕ ਦੁਕਾਨ 'ਚ ਅੱਗ ਲੱਗਣ ਨਾਲ 14 ਲੋਕ ਜ਼ਿੰਦਾ ਸੜ ਗਏ। ਪੁਲਸ ਸੂਤਰਾਂ ਮੁਤਾਬਕ ਸ਼ਨੀਵਾਰ ਨੂੰ ਦੁਕਾਨ ਵਿਚ ਅੱਗ ਲੱਗਣ ਨਾਲ 12 ਲੋਕਾਂ ਦੀ ਸੜ ਕੇ ਮੌਤ ਹੋ ਗਈ ਸੀ, ਜਦਕਿ ਦੋ ਹੋਰ ਲੋਕਾਂ ਨੇ ਐਤਵਾਰ ਨੂੰ ਇਲਾਜ ਦੌਰਾਨ ਦਮ ਤੋੜ ਦਿੱਤਾ। ਉੱਪ ਮੁੱਖ ਮੰਤਰੀ ਡੀ. ਕੇ. ਸ਼ਿਵਕੁਮਾਰ ਨੇ ਸ਼ਨੀਵਾਰ ਨੂੰ ਘਟਨਾ ਵਾਲੀ ਥਾਂ ਦਾ ਦੌਰਾ ਕੀਤਾ ਸੀ ਅਤੇ ਘਟਨਾ ਵਿਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨੂੰ 5-5 ਲੱਖ ਰੁਪਏ ਦਾ ਮੁਆਵਜ਼ਾ ਦੇਣ ਦਾ ਐਲਾਨ ਕੀਤਾ।



ਮੁੱਖ ਮੰਤਰੀ ਸਿੱਧਰਮਈਆ ਨੇ ਘਟਨਾ ਵਿਚ ਲੋਕਾਂ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

ਪੁਲਸ ਦਾ ਕਹਿਣਾ ਹੈ ਕਿ ਨਰਾਤੇ ਅਤੇ ਦੀਵਾਲੀ ਨੂੰ ਵੇਖਦਿਆਂ ਦੁਕਾਨ ਵਿਚ ਲੱਖਾਂ ਰੁਪਏ ਦੇ ਪਟਾਕੇ ਰੱਖੇ ਹੋਏ ਸਨ, ਜਿਨ੍ਹਾਂ ਵਿਚ ਅੱਗ ਲੱਗਣ ਨਾਲ ਧਮਾਕਾ ਹੋਣ ਗਿਆ। ਅੱਗ ਦੀ ਵਜ੍ਹਾ ਨਾਲ ਦੁਕਾਨ ਦੇ ਆਲੇ-ਦੁਆਲੇ ਖੜ੍ਹੇ ਵਾਹਨ ਸੜ ਕੇ ਸੁਆਹ ਹੋ ਗਏ। ਇਹ ਘਟਨਾ ਤਾਮਿਲਨਾਡੂ ਸਰਹੱਦ ਤੋਂ ਕੁਝ ਦੂਰੀ 'ਤੇ ਵਾਪਰੀ। ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ. ਕੇ. ਸਟਾਲਿਨ ਨੇ ਜ਼ਖ਼ਮੀਆਂ ਨੂੰ 1-1 ਲੱਖ ਰੁਪਏ ਅਤੇ ਮਾਮੂਲੀ ਰੂਪ ਨਾਲ ਜ਼ਖ਼ਮੀਆਂ ਨੂੰ 50-50 ਹਜ਼ਾਰ ਰੁਪਏ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਹੈ।

ਪੁਲਸ ਮੁਤਾਬਕ ਮ੍ਰਿਤਕਾਂ ਵਿਚ ਜ਼ਿਆਦਾਤਰ ਪਟਾਕੇ ਦੀ ਦੁਕਾਨ ਵਿਚ ਕੰਮ ਕਰਨ ਵਾਲੇ ਕਾਮੇ ਸ਼ਾਮਿਲ ਹਨ, ਜਿਨ੍ਹਾਂ ਦੀ ਪਹਿਚਾਣ ਯਕੀਨੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪੁਲਸ ਨੇ ਦੱਸਿਆ ਕਿ ਘਟਨਾ ਸ਼ਨੀਵਾਰ ਦੁਪਹਿਰ ਸਾਢੇ 3 ਵਜੇ ਵਾਪਰੀ, ਜਦੋਂ ਇਕ ਵਾਹਨ ਤੋਂ ਪਟਾਕਿਆਂ ਦੇ ਡੱਬਿਆਂ ਨੂੰ ਉਤਾਰਨ ਦਾ ਕੰਮ ਜਾਰੀ ਸੀ। ਪੁਲਸ ਮੁਤਾਬਕ ਜਿਸ ਸਮੇਂ ਅੱਗ ਲੱਗੀ, ਉਸ ਸਮੇਂ ਕੁਝ ਕਾਮੇ ਦੁਕਾਨ ਦੇ ਅੰਦਰ ਕੰਮ ਕਰ ਰਹੇ ਸਨ।


Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





98 JOHN ST E
Bradford West Gwillimbury, Ontario L3Z1G4

$1,149,000

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
* All Kinds of Body Work
* Auto Glass Windshield
* Denting, Painting & Welding

SPECIAL PAINT JOB $779



RENTAL CAR PROVIDED

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

25 years of Canadian Experience
OPEN MON - SAT 9AM TO 7PM

Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਮੁੱਖ ਮੰਤਰੀ ਨੇ ਬਠਿੰਡਾ ਨੂੰ 'ਮਾਡਲ ਜ਼ਿਲ੍ਹੇ' ਵਜੋਂ ਵਿਕਸਤ ਕਰਨ ਦੀ ਵਚਨਬੱਧਤਾ ਦੁਹਰਾਈ



ਬਠਿੰਡਾ, 8 ਅਕਤੂਬਰ ( ਗਿਆਨ ਸਿੰਘ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਠਿੰਡਾ ਨੂੰ 'ਮਾਡਲ ਜ਼ਿਲ੍ਹੇ' ਵਜੋਂ ਵਿਕਸਤ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

ਇੱਥੇ ਵਿਧਾਇਕਾਂ ਅਤੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਨੂੰ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ ਤਾਂ ਜੋ ਲੋਕਾਂ ਨੂੰ ਇਸ ਦਾ ਲਾਭ ਦਿੱਤਾ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਾਲਵੇ ਦੇ ਧੁਰੇ ਵਜੋਂ ਜਾਣੇ ਜਾਂਦੇ ਇਸ ਜ਼ਿਲ੍ਹੇ ਨੂੰ ਆਉਣ ਵਾਲੇ ਮਹੀਨਿਆਂ ਵਿੱਚ ਮੁਕੰਮਲ ਰੂਪ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਅਵਾਰਾ ਪਸ਼ੂਆਂ ਦੀ ਸਮੱਸਿਆ ਨੂੰ ਹੱਲ ਕਰਨ ਦੇ ਉਦੇਸ਼ ਨਾਲ ਸੂਬਾ ਸਰਕਾਰ ਵੱਲੋਂ ਜਲਦੀ ਹੀ ਬਠਿੰਡਾ ਜ਼ਿਲ੍ਹੇ ਵਿੱਚ ਪਾਇਲਟ ਪ੍ਰੋਜੈਕਟ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਲੋਕਾਂ ਲਈ ਵੱਡੀ ਰਾਹਤ ਹੋਵੇਗੀ ਕਿਉਂਕਿ ਇਸ ਨਾਲ ਕੀਮਤੀ ਮਨੁੱਖੀ ਜਾਨਾਂ ਬਚਾਉਣ ਵਿੱਚ ਮਦਦ ਮਿਲੇਗੀ। ਭਗਵੰਤ ਮਾਨ ਨੇ ਕਿਹਾ ਕਿ ਆਵਾਰਾ ਪਸ਼ੂਆਂ ਕਾਰਨ ਸੜਕ ਹਾਦਸੇ ਵਾਪਰਦੇ ਹਨ ਜਿਸ ਨਾਲ ਲੋਕਾਂ ਦੀ ਜਾਨ ਨੂੰ ਖਤਰਾ ਬਣਿਆ ਹੋਇਆ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਗੁਰੂ ਨਾਨਕ ਦੇਵ ਥਰਮਲ ਪਲਾਂਟ ਦੀ ਲਗਭਗ 1000 ਏਕੜ ਜ਼ਮੀਨ ਜਿੱਥੇ ਖਾਲੀ ਥਾਂ ਉੱਤੇ ਸੁਆਹ ਡੰਪ ਕੀਤੀ ਗਈ ਸੀ, ਨੂੰ ਇਲਾਕੇ ਦੇ ਲੋਕਾਂ ਦੇ ਹਿੱਤ ਵਿੱਚ ਵਰਤਣ ਦੀ ਲੋੜ ਹੈ। ਭਗਵੰਤ ਮਾਨ ਨੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਅਤੇ ਉਦਯੋਗ ਵਿਭਾਗਾਂ ਨੂੰ ਕਿਹਾ ਕਿ ਉਹ ਸਾਂਝੇ ਤੌਰ 'ਤੇ ਵਿਆਪਕ ਜਨਤਕ ਹਿੱਤਾਂ ਵਿੱਚ ਇਸ ਜ਼ਮੀਨ ਦੀ ਸੁਚੱਜੀ ਵਰਤੋਂ ਕਰਨ ਲਈ ਇੱਕ ਵਿਸਥਾਰਤ ਪ੍ਰਸਤਾਵ ਤਿਆਰ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਮਹੱਤਵਪੂਰਨ ਜ਼ਮੀਨ ਸੂਬੇ ਦੀ ਸੰਪਤੀ ਹੈ ਅਤੇ ਇਸ ਦੀ ਵਰਤੋਂ ਅਜਿਹੇ ਢੰਗ ਨਾਲ ਕੀਤੀ ਜਾਣੀ ਚਾਹੀਦੀ ਹੈ ਕਿ ਇਹ ਸੂਬੇ ਅਤੇ ਖਾਸ ਤੌਰ 'ਤੇ ਬਠਿੰਡਾ ਜ਼ਿਲ੍ਹੇ ਦੇ ਸਰਵਪੱਖੀ ਵਿਕਾਸ ਨੂੰ ਹੁਲਾਰਾ ਦੇਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਭਾਗਾਂ ਵੱਲੋਂ ਤਿਆਰ ਕੀਤੇ ਜਾਣ ਵਾਲੀ ਰੂਪ ਰੇਖਾ ਵਿੱਚ ਇਸ ਜ਼ਮੀਨ ਦੀ ਸੁਚੱਜੀ ਵਰਤੋਂ ਦੇ ਪਹਿਲੂਆਂ ਨੂੰ ਧਿਆਨ ਵਿੱਚ ਰੱਖਿਆ ਜਾਣਾ ਚਾਹੀਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਬਠਿੰਡਾ, ਸੂਬੇ ਦਾ ਇੱਕ ਪ੍ਰਮੁੱਖ ਸ਼ਹਿਰ ਹੈ ਅਤੇ ਇਹ ਜ਼ਮੀਨ ਇੱਕ ਪਾਸੇ ਸ਼ਹਿਰ ਦੇ ਵਿਕਾਸ ਵਿੱਚ ਤੇਜ਼ੀ ਲਿਆਉਣ ਅਤੇ ਦੂਜੇ ਪਾਸੇ ਲੋਕਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਬਹੁਤ ਕਾਰਗਰ ਸਾਬਤ ਹੋ ਸਕਦੀ ਹੈ।

# ਬੈਲਗ੍ਰੇਡ ਵਿੱਚ ਭਾਰਤੀ ਸਾਹਿਤਕਾਰ ਡਾ. ਜਰਨੈਲ ਸਿੰਘ ਆਨੰਦ ਨੂੰ ਅੰਤਰ-ਰਾਸ਼ਟਰੀ ਐਵਾਰਡ ਚਾਰਟਰ ਆਫ਼ ਮੋਰਾਵਾ ਦੇਣ ਦਾ ਐਲਾਨ

ਚੰਡੀਗੜ੍ਹ, 8 ਅਕਤੂਬਰ ( ਗਿਆਨ ਸਿੰਘ) ਬੈਲਗ੍ਰੇਡ ਵਿੱਚ ਭਾਰਤ ਦੇ ਉੱਘੇ ਸਾਹਿਤਕਾਰ ਡਾ. ਜਰਨੈਲ ਸਿੰਘ ਆਨੰਦ ਨੂੰ ਅੰਤਰ-ਰਾਸ਼ਟਰੀ ਐਵਾਰਡ ਚਾਰਟਰ ਆਫ਼ ਮੋਰਾਵਾ ਦੇਣ ਦਾ ਐਲਾਨ ਕੀਤਾ ਗਿਆ ਹੈ।

ਅੰਗਰੇਜ਼ੀ ਵਿੱਚ 150 ਤੋਂ ਵੱਧ ਕਿਤਾਬਾਂ ਦੇ ਲੇਖਕ ਅਤੇ ਵਿਸ਼ਵ ਨੂੰ ਅੰਤਰ-ਰਾਸ਼ਟਰੀ ਅਕੈਡਮੀ ਆਫ਼ ਐਥਿਕਸ ਦੇਣ ਵਾਲੇ ਵਿਸ਼ਵ ਸਾਹਿਤ ਦੇ ਮਹਾਂਨਾਇਕ ਡਾ. ਜਰਨੈਲ ਸਿੰਘ ਆਨੰਦ ਨੂੰ 20 ਤੋਂ 23 ਅਕਤੂਬਰ, 2023 ਨੂੰ ਹੋਣ ਵਾਲੇ ਅੰਤਰਰਾਸ਼ਟਰੀ ਮੀਟਿੰਗ ਆਫ਼ ਰਾਈਟਰਜ਼ ਲਈ ਸੱਦਾ ਪੱਤਰ ਪ੍ਰਾਪਤ ਹੋਇਆ ਹੈ, ਜਿਥੇ ਉਹ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਨਗੇ ਅਤੇ ਉਨ੍ਹਾਂ ਨੂੰ ਸਰਬੀਅਨ ਰਾਈਟਜ਼ ਐਸੋਸੀਏਸ਼ਨ ਦੀ ਤਰਫ਼ੋਂ ਅੰਤਰ-ਰਾਸ਼ਟਰੀ ਐਵਾਰਡ ਚਾਰਟਰ ਆਫ਼ ਮੋਰਾਵਾ ਨਾਲ ਸਨਮਾਨਿਤ ਕੀਤਾ ਜਾਵੇਗਾ। ਡਾ. ਆਨੰਦ ਪਹਿਲੇ ਭਾਰਤੀ ਸਾਹਿਤਕਾਰ ਹਨ, ਜਿਨ੍ਹਾਂ ਦਾ ਨਾਮ ਸਰਬੀਆ ਵਿੱਚ ਲਗੀ ਹੋਈ ਪੋਇਟਸ ਰਾਕ 'ਤੇ ਲਿਖਿਆ ਜਾਵੇਗਾ।

ਜ਼ਿਕਰਯੋਗ ਹੈ ਕਿ ਕੁਝ ਸਮਾਂ ਪਹਿਲਾਂ ਉਨ੍ਹਾਂ ਨੂੰ ਸਰਬੀਆ ਦੀ ਰਾਈਟਰਜ਼ ਐਸੋਸੀਏਸ਼ਨ ਦਾ ਆਨਰੇਰੀ ਮੈਂਬਰ ਨਿਯੁਕਤ ਕੀਤਾ ਗਿਆ ਸੀ। ਸਰਬੀਆ ਵਿੱਚ ਹਰ ਸਾਲ ਹੋਣ ਵਾਲਾ ਇਹ ਵੱਕਾਰੀ ਸਮਾਗਮ ਸਰਬੀਆ ਨੂੰ ਦੁਨੀਆਂ ਦੀ ਸਾਹਿਤਕ ਰਾਜਧਾਨੀ ਵਿੱਚ



ਬਦਲ ਦਿੰਦਾ ਹੈ। ਵਿਸ਼ੇਸ਼ ਮਹਿਮਾਨਾਂ ਵਿੱਚ ਅਮਰੀਕਾ ਦੇ ਮਹਾਨ ਸਾਹਿਤਕਾਰ ਟੀ. ਓਬ੍ਰਹਿਤ, ਆਈਜ਼ਰਬੈਜਾਨ ਤੋਂ ਸਿਰਾਜ਼ੀਦੀਨਾ ਸਜੀਦਾ ਅਤੇ ਇਟਲੀ ਦੇ ਦਾਂਤੇ ਮਾਫੀਆ ਵੀ ਸ਼ਿਰਕਤ ਕਰ ਰਹੇ ਹਨ। ਇਸ ਮੌਕੇ ਡਾ. ਆਨੰਦ ਦੀਆਂ ਕਵਿਤਾਵਾਂ ਦੀ ਵੱਖ-ਵੱਖ ਭਾਸ਼ਾਵਾਂ ਵਿੱਚ ਅਨੁਵਾਦ ਦੀ ਇਕ ਪੁਸਤਕ "ਬੈਸਟ ਪੋਇਟਰੀ ਆਫ਼ ਡਾ. ਆਨੰਦ (ਐਨ ਆਫ਼ਰਿੰਗ ਇਨ ਟਰਾਂਸਲੇਸ਼ਨ)" ਅਤੇ "ਦਿ ਇੰਪਰਫੈਕਟ ਆਰਟਿਸਟ" (ਕਾਵਿ ਪੁਸਤਕ) ਵੀ ਰਿਲੀਜ਼ ਕੀਤੀ ਜਾਵੇਗੀ।

ਸਰਬੀਅਨ ਰਾਈਟਰਜ਼ ਐਸੋਸੀਅਸ਼ਨ ਦੀ ਤਰਫ਼ੋਂ ਕਰਵਾਏ ਜਾ ਰਹੇ ਇਸ ਵਿਸ਼ਵ ਪੱਧਰੀ ਸਮਾਗਮ ਵਿੱਚ ਸਰਬੀਆ ਦੇ ਮਨਿਸਟਰ ਆਫ਼ ਕਲਚਰ ਅਤੇ ਮੇਅਰ ਸ਼ਿਰਕਤ ਕਰਨਗੇ ਅਤੇ ਰਾਸ਼ਟਰੀ ਟੈਲੀਵਿਜ਼ਨ 'ਤੇ ਮਹਿਮਾਨ ਸਾਹਿਤਕਾਰਾਂ ਨਾਲ ਇੰਟਰਵਿਊ ਪੇਸ਼ ਕੀਤੀ ਜਾਵੇਗੀ। ਸਰਬੀਆ ਵਿੱਚ ਆਪਣੇ ਨੋਬਲ ਵਿਜੇਤਾ ਆਈਵੋ ਅੰਦਰਿਕ (1961) ਨੂੰ ਸ਼ਿੱਦਤ ਨਾਲ ਯਾਦ ਕੀਤਾ ਜਾਂਦਾ ਹੈ। ਭਾਰਤ ਦੇ ਨੋਬਲ ਵਿਜੇਤਾ ਸ਼੍ਰੀ ਰਾਬਿੰਦਰ ਨਾਥ ਟੈਗੋਰ ਨੇ ਵੀ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ ਸੀ, ਜਦੋਂ ਉਹ 1926 ਵਿੱਚ ਸਰਬੀਆ ਆਏ ਸਨ। ਟੈਗੋਰ ਤੋਂ ਬਾਅਦ ਸਰਬੀਆ ਦੇ ਲੇਖਕ ਸੰਘ ਦੇ ਮੈਂਬਰ ਬਣਨ ਵਾਲੇ ਅਤੇ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕਰਨ ਵਾਲੇ ਡਾ. ਆਨੰਦ ਪਹਿਲੇ ਭਾਰਤੀ ਹਨ। ਪੰਜਾਬ ਲਈ ਇਹ ਵਿਸ਼ੇਸ਼ ਤੌਰ 'ਤੇ ਮਾਣ ਵਾਲੀ ਗੱਲ ਹੈ ਕਿ ਇਕ ਪੰਜਾਬੀ ਨੂੰ ਵਿਸ਼ਵ ਪੱਧਰ 'ਤੇ ਇਹ ਸਨਮਾਨ ਪ੍ਰਾਪਤ ਹੋਇਆ ਹੈ।

ਡਾ. ਆਨੰਦ ਨੇ ਚਾਲੀ ਸਾਲ ਵਿਦਿਆ ਦੇ ਖੇਤਰ ਨੂੰ ਸਮਰਪਿਤ ਕੀਤੇ ਹਨ। ਇਸ ਅਰਸੇ ਦੌਰਾਨ ਕਾਵਿ ਰਚਨਾ ਪ੍ਰਤੀ ਉਨ੍ਹਾਂ ਦਾ ਲਗਾਅ ਬਣਿਆ ਰਿਹਾ। ਉਨ੍ਹਾਂ ਨੂੰ ਰੂਮੀ ਦੀ ਧਰਤੀ ਇਰਾਨ ਤੋਂ ਰੱਜ ਕੇ ਪਿਆਰ ਤੇ ਸਤਿਕਾਰ ਹਾਸਿਲ ਹੋਇਆ। ਚਾਰ ਕਿਤਾਬਾਂ ਦਾ ਫ਼ਾਰਸੀ ਵਿੱਚ ਉਲੱਥਾ ਕੀਤਾ ਗਿਆ ਤੇ ਡਾ. ਫ਼ਾਰਸੀ ਦੀ ਸਹਾਇਤਾ ਨਾਲ ਬਾਇਉ-ਟੈਕਸਟ ਦਾ ਸਿਧਾਂਤ ਸਾਧਿਆ ਗਿਆ। ਡਾ. ਆਨੰਦ ਨੇ ਸੱਤ ਕਾਵਿ ਪੁਸਤਕਾਂ ਵੀ ਮਾਂ-ਬੋਲੀ ਦੀ ਝੋਲੀ ਪਾਈਆਂ ਹਨ। ਡਾ. ਆਨੰਦ ਨੂੰ ਕਰਾਸ ਆਫ਼ ਪੀਸ, ਕਰਾਸ ਆਫ਼ ਲਿਟਰੇਚਰ, ਵਰਲਡ ਆਈਕਨ ਆਫ਼ ਪੀਸ ਅਤੇ ਯੂਕਰੇਨ ਤੋਂ ਫ਼ਰਾਂਜ਼ ਕਾਫ਼ਕਾ ਐਵਾਰਡ ਹਾਸਿਲ ਹੋਏ ਹਨ। ਉਨ੍ਹਾਂ ਨੇ ਕੁਝ ਸਮਾਂ ਪਹਿਲਾ ਅੰਤਰ-ਰਾਸ਼ਟਰੀ ਅਕੈਡਮੀ ਆਫ਼ ਐਥਿਕਸ ਦੀ ਵੀ ਸਥਾਪਨਾ ਕੀਤੀ ਅਤੇ ਚਾਰ ਵਰਲਡ ਪੋਇਟਰੀ ਕਾਨਫ਼ਰੰਸਾਂ ਕਰਵਾ ਕੇ ਸਾਹਿਤ ਦੇ ਮਹਾ ਯੱਗ ਵਿੱਚ ਆਪਣਾ ਹਿੱਸਾ ਪਾਇਆ।

ਦੇਸ਼-ਵਿਦੇਸ਼ ਵਿੱਚ ਨਾਮਣਾ ਖੱਟਣ ਵਾਲੇ ਵਿਅਕਤੀਆਂ ਵਿੱਚ ਵਿਸ਼ੇਸ਼ ਸਥਾਨ ਰੱਖਦੇ ਅਤੇ ਸਾਰੀ ਦੁਨੀਆ ਵਿੱਚ ਵਿਚਰਨ ਵਾਲੇ ਡਾ. ਆਨੰਦ ਆਪਣੀ ਧਰਤੀ ਆਪਣੇ ਲੋਕਾਂ ਲਈ ਅਣਜਾਣ ਰਹੇ ਹਨ।

ਹੁਣ ਜਦੋਂ ਬੇਲਗ੍ਰੇਡ ਵਰਗੇ ਦੇਸ਼ ਵਿੱਚ ਉਨ੍ਹਾਂ ਨੂੰ ਪ੍ਰਸਿੱਧੀ ਪ੍ਰਾਪਤੀ ਹੋਈ ਹੈ ਅਤੇ ਇਹ ਹਰੇਕ ਭਾਰਤੀ ਤੇ ਹਰੇਕ ਪੰਜਾਬੀ ਲਈ ਵੱਡੀ ਪ੍ਰਾਪਤੀ ਹੈ। ਡਾ. ਆਨੰਦ ਦੀ ਸਭ ਤੋਂ ਜ਼ਿਆਦਾ ਚਰਚਿਤ ਪੁਸਤਕ "ਲਸਟਿਸ" ਇਕ ਮਹਾਂਕਾਵਿ ਹੈ ਜਿਸ ਨੂੰ ਕੁਝ ਯੂਨੀਵਰਸਿਟੀਆਂ ਅੰਗਰੇਜ਼ੀ ਸਾਹਿਤ ਵਿੱਚ ਸ਼ਾਮਿਲ ਕਰ ਰਹੀਆਂ ਹਨ। ਡਾ. ਆਨੰਦ ਦੁਨੀਆ ਦੇ ਇਕੋ-ਇਕ ਕਵੀ ਹਨ, ਜਿਨ੍ਹਾਂ ਨੇ 9 ਮਹਾਂਕਾਵਿ ਲਿਖੇ ਹਨ ਅਤੇ ਆਪਣੀ ਸਮਰੱਥਾ ਨਾਲ ਦੁਨੀਆ ਨੂੰ ਪ੍ਰਭਾਵਿਤ ਕੀਤਾ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5''10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਬੇਅਸੂਲੇ ਸਮਝੌਤਿਆਂ ਅਤੇ ਪੈਂਤੜਿਆਂ ਪਿੱਛੋਂ ਦਰਿਆਵਾਂ ਦੇ ਪਾਣੀ ਵਿੱਚ ਮਧਾਣੀ ਘੁੰਮਾਉਣ ਦੀ ਰਾਜਨੀਤੀ

ਜਤਿੰਦਰ ਪਨੂੰ ਦੀ ਕਲਮ ਤੋਂ



ਪੰਜਾਬ ਅਤੇ ਹਰਿਆਣਾ ਵਿਚਾਲੇ ਦਰਿਆਈ ਪਾਣੀਆਂ ਦੀ ਵੰਡ ਦੇ ਮਸਲੇ ਬਾਰੇ ਭਾਰਤ ਦੀ ਸੁਪਰੀਮ ਕੋਰਟ ਵਿੱਚੋਂ ਇੱਕ ਫੈਸਲਾ ਹੋਰ ਆ ਗਿਆ ਹੈ ਅਤੇ ਇਹ ਵੀ ਪਿਛਲੇ ਫੈਸਲਿਆਂ ਵਾਂਗ ਪੰਜਾਬ ਦੇ ਖਿਲਾਫ ਆਇਆ ਹੈ। ਜਿਵੇਂ ਹਮੇਸ਼ਾ ਤੋਂ ਹੁੰਦਾ ਆਇਆ ਹੈ, ਇਸ ਵਾਰੀ ਵੀ ਫੈਸਲਾ ਆਉਂਦੇ ਸਾਰ ਰਾਜਨੀਤੀ ਸਰਗਰਮ ਹੋਈ ਅਤੇ ਹਰ ਇੱਕ ਧਿਰ ਦਾ ਹਰ ਆਗੂ ਇੰਜ ਕੂਕ ਰਿਹਾ ਹੈ, ਜਿੰਦਾਂ ਪੰਜਾਬੀ ਦੇ ਇੱਕ ਅਖਾਣਮੁਤਾਬਕ 'ਟਟੀਹਰੀ ਵਾਂਗ ਅਸਮਾਨ ਓਸੇ ਦੀਆਂ ਟੰਗਾਂ ਉੱਤੇ ਟਿਕਿਆ' ਹੋਇਆ ਹੋਵੇ। ਅਸੀਂ ਪੰਜਾਬੀ ਲੋਕ ਅੱਜ ਤੱਕ ਇਹ ਗੱਲ ਨਹੀਂ ਸਮਝ ਸਕੇ ਕਿ ਹਿੰਦੀ ਦੇ ਅਖਾਣ 'ਥੋਥਾ ਚਨਾ, ਬਾਜੇ ਘਨਾ' ਦੇ ਅਰਥ ਇਹ ਵੀ ਨਿਕਲ ਸਕਦੇ ਹਨ ਕਿ ਜਿਸ ਕਿਸੇ ਦਾ ਜਿੰਨਾ ਵੱਧ ਕਸੂਰ ਹੁੰਦਾ ਹੈ, ਓਨਾ ਉਹ ਬਾਕੀਆਂ ਤੋਂ ਵੱਧ ਜ਼ੋਰ ਨਾਲ ਚੀਕ-ਚੀਕ ਕੇ ਆਪਣੇ ਆਪ ਨੂੰ ਬੇਗੁਨਾਹ ਦੱਸਣ ਅਤੇ ਬਾਕੀ ਸਾਰਿਆਂ ਨੂੰ ਦੋਸ਼ੀ ਕਰਾਰ ਦ ੋ ਣ ਵਾਲੀ ਦੁਹਾਈ ਪਾਉਂਦਾ ਹੈ। ਇਸ ਵਾਰੀ ਵੀ ਇਹੋ ਕੁਝ ਹੋ ਰਿਹਾ ਹੈ ਅਤੇ ਸਗੋਂ ਪਹਿਲਾਂ ਤੋਂ ਵੱਧ ਹੋ ਰਿਹਾ ਜਾਪਦਾ ਹੈ।

ਸਦੀਆਂ ਤੋਂ ਸਾਂਝੇ ਚੱਲਦੇ ਆਏ ਪੰਜਾਬ ਨਾਲ ਪਹਿਲੀ ਵਧੀਕੀ ਓਦੋਂ ਹੋ ਗਈ, ਜਦੋਂ ਭਾਰਤ ਦੇਸ਼ ਦੀ ਵੰਡ ਕਰਦੇ ਵਕਤ ਇਸ ਦਾ ਇੱਕ ਹਿੱਸਾ ਪਾਕਿਸਤਾਨ ਵਿੱਚ ਪਾ ਦਿੱਤਾ ਤੇ ਦੂਸਰਾ ਭਾਰਤ ਨਾਲ ਜੋੜ ਦਿੱਤਾ ਗਿਆ। ਕੁਝ ਲੋਕ ਕਹਿੰਦੇ ਹਨ ਕਿ ਓਦੋਂ ਭਾਰਤ ਨਾਲ ਨਹੀਂ ਸੀ ਜੁੜਨਾ ਚਾਹੀਦਾ, ਪਰ ਉਹ ਵੀ ਠੀਕ ਨਹੀਂ ਕਹਿ ਰਹੇ, ਪੰਜਾਬ ਲਈ ਹੋਰ ਬਦਲ ਵੀ ਕੋਈ ਨਹੀਂ ਸੀ। ਐਵੇਂ ਕਹਿਣ ਵਾਲੇ ਕਹਿਛੱਡਦੇ ਹਨ ਕਿ ਅੰਗਰੇਜ਼ ਵੱਖਰਾ ਰਾਜ ਦੇਣ ਲਈ ਤਿਆਰ ਸਨ, ਅਸਲ ਵਿੱਚ ਨਾ ਕੋਈ ਦੇਣ ਨੂੰ ਤਿਆਰ ਸੀ, ਨਾ ਲੈਣ ਵਾਲਿਆਂ ਨੂੰ ਠੀਕ ਲੱਗਦਾ ਸੀ ਕਿ ਆਪੋ ਵਿੱਚ ਨਿੱਤ ਦਿਨ ਲੜੀ ਜਾਣ ਵਾਲੀਆਂ ਦੋ ਧਿਰਾਂ ਵਿਚਾਲੇ ਦੁਵੱਲੀ ਕੁੱਟ ਖਾਣ ਲਈ ਅਸੀਂ ਬੈਠੇ ਹੋਈਏ, ਜਿਨ੍ਹਾਂ ਕੋਲ ਸਮੁੰਦਰ ਤੱਕ ਪਹੁੰਚਣ ਦਾ ਕੋਈ ਰਸਤਾ ਵੀ ਨਹੀਂ ਸੀ। ਜਿਹੜਾ ਪੰਜਾਬ ਰਹਿ ਗਿਆ, ਉਸ ਵਿੱਚੋਂ ਹਿਮਾਚਲ ਪ੍ਰਦੇਸ਼ ਅਤੇ ਫਿਰ ਹਰਿਆਣਾ ਕੱਟੇ ਗਏ ਅਤੇ ਇਸ ਕੱਟ ਲਈ ਉਨ੍ਹਾਂ ਦੋਵਾਂ ਰਾਜਾਂ ਦੇ ਲੋਕਾਂ ਨੇ ਕਦੀ ਵੀ ਮੰਗ ਨਹੀਂ ਸੀ ਕੀਤੀ, ਪੰਜਾਬੀ ਸੂਬਾ ਲੈਣ ਵਾਸਤੇ ਮੋਰਚੇ ਏਧਰਲਿਆਂ ਨੇ ਲਾਏ ਸਨ ਅਤੇ ਦਿੱਲੀ ਦੀਆਂ ਦੋਵੇਂ ਵੱਖੀਆਂ ਨੂੰ ਫੜੀ ਬੈਠਾ ਪੰਜਾਬ ਓਥੇ ਟਿਕਾਏ ਹੱਥ ਛੁਡਾ ਕੇ ਅੰਬਾਲੇ ਤੋਂ ਉਰਲੇ ਪਾਸੇ ਸ਼ੰਭੂ ਬੈਰੀਅਰ ਤੱਕ ਸੀਮਤ ਕਰ ਲਿਆ ਸੀ। ਜਦੋਂ ਹਰ ਸਾਂਝੀ ਚੀਜ਼ ਪੰਜਾਬ ਤੇ ਹਰਿਆਣੇ ਵਿੱਚ ਵੰਡੀ ਜਾਣ ਲੱਗੀ, ਰਾਜ ਦਾ ਸਿਵਲ ਸੈਕਟਰੀਏਟ ਅਤੇ ਵਿਧਾਨ ਸਭਾ ਵੀ ਕਮਰੇ ਗਿਣ ਕੇ ਅਤੇ ਫੁੱਟਾਂ ਨਾਲ ਜਗ੍ਹਾ ਮਿਣ ਕੇ ਵੰਡੇ ਗਏ ਤਾਂ ਪਾਣੀਆਂ ਦੀ ਵੰਡ ਦਾ ਮੁੱਦਾ ਵੀ ਉੱਠ ਪਿਆ। ਓਦੋਂ ਇਹ ਮੁੱਦਾ ਬਿਨਾਂ ਮੁਕਾਏ ਦਿੱਤਾ ਗਿਆ ਤੇ ਐਮਰਜੈਂਸੀ ਵੇਲੇ ਇੰਦਰਾ ਗਾਂਧੀ ਦੇ ਛੋਟੇ ਪੁੱਤਰ ਸੰਜੇ ਗਾਂਧੀ ਦੀ ਜਦੋਂ ਤੂਤੀ ਬੋਲਦੀ ਸੀ, ਉਸ ਵੇਲੇ ਪਾਣੀਆਂ ਦੀ ਵੰਡ ਦਾ ਐਵਾਰਡ ਕੇਂਦਰ ਸਰਕਾਰ ਨੇ ਇਸ ਤਰ੍ਹਾਂ ਜਾਰੀ ਕਰ ਦਿੱਤਾ ਕਿ ਚਿੱਟੇ ਦਿਨ ਪੰਜਾਬ ਦੀ ਜੇਬ ਕੱਟੀ ਜਾਣ ਵਾਲਾ ਹਾਲ ਹੋ ਗਿਆ। ਹਰਿਆਣੇ ਦਾ ਓਦੋਂ ਦਾ ਮੁੱਖ ਮੰਤਰੀ ਚੌਧਰੀ ਬੰਸੀ ਲਾਲ ਕਿਉਂਕਿ ਸੰਜੇ ਗਾਂਧੀ ਦੀ ਜੁੰਡੀ ਵਿੱਚ ਗਿਣਿਆ ਜਾਂਦਾ ਸੀ, ਉਹ ਆਪਣੀ ਮਰਜ਼ੀ ਪੁਗਾ ਗਿਆ ਤੇ ਪੰਜਾਬ ਦੇ ਕਾਂਗਰਸੀ ਆਗੂ ਕੁਝ ਬੋਲਣ ਜੋਗੇ ਨਾ ਹੋਣ ਕਾਰਨ ਇਸ ਨੂੰ ਭਾਣਾ ਮੰਨ ਕੇ ਚੁੱਪ ਕੀਤੇ ਰਹਿ ਗਏ।

ਐਮਰਜੈਂਸੀ ਦੇ ਬਾਅਦ ਰਾਜ ਬਦਲ ਗਿਆ ਤਾਂ ਜਿਹੜਾ ਅਕਾਲੀ ਦਲ ਇਸ ਦਾ ਵਿਰੋਧ ਕਰਦਾ ਰਿਹਾ ਸੀ, ਉਸ ਨੇ ਦੋ ਕੰਮ ਏਦਾਂ ਦੇ ਕਰ ਦਿੱਤੇ, ਜਿਹੜੇ ਪੰਜਾਬ ਦੇ ਭਲੇ ਵਾਲੇ ਨਹੀਂ ਸਨ। ਇੱਕ ਤਾਂ ਪਾਣੀਆਂ ਬਾਰੇ ਕੇਂਦਰ ਸਰਕਾਰ ਵੱਲੋਂ ਦਿੱਤੇ ਐਵਾਰਡ ਨੂੰ ਕੋਰਟ ਵਿੱਚ ਚੈਲਿੰਜ ਕਰ ਕੇ ਅਦਾਲਤੀ ਦਖਲ ਲਈ ਰਾਹ ਕੱਢ ਦਿੱਤਾ ਤੇ ਦੂਸਰਾ ਹਰਿਆਣੇ ਦੇ ਮੁੱਖ ਮੰਤਰੀ ਬਣੇ ਚੌਧਰੀ ਦੇਵੀ ਨਾਲ ਨਾਲ ਸਾਂਝ ਪੁਗਾਉਣ ਖਾਤਰ ਉਸ ਤੋਂ ਹਰਿਆਣੇ ਨੂੰ ਪਾਣੀ ਦੇਣ ਵਾਸਤੇ ਨਹਿਰ ਬਣਾਉਣ ਲਈ ਇੱਕ ਕਰੋੜ ਰੁਪਏ ਦੀ ਪੇਸ਼ਗੀ ਰਕਮ ਦਾ ਚੈੱਕ ਫੜ ਕੇ ਕੈਸ਼ ਕਰਵਾ ਲਿਆ। ਦੇਵੀ ਲਾਲ ਨੇ ਹਰਿਆਣੇ ਦੀ ਵਿਧਾਨ ਸਭਾ ਵਿੱਚ ਜਦੋਂ ਇਹ ਕਿਹਾ ਕਿ ਮੇਰਾ ਭਰਾ ਪੰਜਾਬ ਦਾ ਮੁੱਖ ਮੰਤਰੀ ਬਣਿਆ ਤਾਂ ਸਾਨੂੰ ਪਾਣੀ ਦੇਣ ਲਈ ਨਹਿਰ ਬਣਾਏ ਜਾਣ ਦੀ ਸ਼ੁਰੂਆਤ ਹੋਈ ਹੈ ਤਾਂ ਅਕਾਲੀ ਆਗੂਆਂ ਦੇ ਇੱਕ ਧੜੇ ਨੇ ਇਸ ਦੇ ਵਿਰੋਧ ਕਰਨ ਦੀ ਆਵਾਜ਼ ਚੁੱਕੀ। ਅਕਾਲੀ ਪਾਰਟੀ ਇਸ ਆਵਾਜ਼ ਨੂੰ ਆਪਣੀ ਅਧਿਕਾਰਤ ਆਵਾਜ਼ ਵੀ ਮੰਨਦੀ ਰਹੀ ਤੇ ਉਸ ਦੀ ਪੰਜਾਬ ਸਰਕਾਰ ਦਾ ਮੁਖੀ ਪੰਜਾਬ ਵਿੱਚੋਂ ਹਰਿਆਣੇ ਨੂੰ ਪਾਣੀ ਦੇਣ ਵਾਸਤੇ ਨਹਿਰ ਬਣਾਉਣ ਦਾ ਕੰਮ ਵੀ ਨਾਲ ਦੀ ਨਾਲ ਕਰੀ ਗਿਆ। ਜਿਹੜੀ ਸਤਲੁਜ-ਯਮਨਾ ਨਹਿਰ ਨੂੰ ਬਣਨ ਤੋਂ ਰੋਕਣ ਦੀਆਂ ਗੱਲਾਂ ਅੱਜ ਇਹ ਪਾਰਟੀ ਕਰਦੀ ਹੈ ਤੇ ਇਸ ਦੀ ਪਿਛਲੀ ਸਰਕਾਰ ਦੇ ਵਕਤ ਸੁਪਰੀਮ ਕੋਰਟ ਦੇ ਫੈਸਲੇ ਦਾ ਵਿਰੋਧ ਕਰਨ ਲਈ ਟਰੈਕਟਰਾਂ ਨਾਲ ਉਹ ਨਹਿਰ ਭਰਨ ਦੀ ਅਗਵਾਈ ਕੀਤੀ ਸੀ, ਉਸ ਨਹਿਰ ਦੇ ਲਈ ਜ਼ਮੀਨਾਂ ਵੀ ਇਸੇ ਪਾਰਟੀ ਦੇ 1977-80 ਵਾਲੇ ਰਾਜ ਦੌਰਾਨ ਅਕੁਆਇਰ ਕੀਤੀਆਂ ਗਈਆਂ ਸਨ।

ਫਿਰ ਹਾਲਾਤ ਬਦਲੇ ਤੇ ਪੰਜਾਬ ਵਿੱਚ ਕਾਂਗਰਸੀ ਸਰਕਾਰ ਬਣ ਗਈ। ਬਦਕਿਸਮਤੀ ਨਾਲ ਪੰਜਾਬੀਆਂ ਦੇ ਖਿਲਾਫ ਨਫਰਤ ਨਾਲ ਭਰਿਆ ਆਗੂ ਚੌਧਰੀ ਭਜਨ ਲਾਲ ਜਨਤਾ ਪਾਰਟੀ ਛੱਡ ਕੇ ਰਾਤੋ ਰਾਤ ਕਾਂਗਰਸੀ ਬਣ ਗਿਆ ਅਤੇ ਉਸ ਦੇ ਦਬਾਅ ਹੇਠ ਹਰਿਆਣੇ ਨੂੰ ਪਾਣੀ ਦੇਣ ਵਾਸਤੇਇੰਦਰਾ ਗਾਂਧੀ ਨਹਿਰ ਬਣਾਉਣ ਤੁਰ ਪਈ। ਪੰਜਾਬ ਕਾਂਗਰਸ ਦੇ ਜਿਹੜੇ ਆਗੂ ਓਦੋਂ ਇੰਦਰਾ ਗਾਂਧੀ ਦੀ ਅਗਵਾਨੀ ਵਾਸਤੇ ਓਥੇ ਪੈਲਾਂ ਪਾਉਂਦੇ ਫਿਰਦੇ ਸਨ, ਉਹ ਹੀ ਬਾਅਦ ਵਿੱਚ ਹਰਿਆਣੇ ਨੂੰ ਪਾਣੀ ਦੇਣ ਦਾ ਵਿਖਾਵੇ ਜੋਗਾ ਵਿਰੋਧ ਕਰਨ ਲੱਗ ਪਏ ਅਤੇ ਜਿਨ੍ਹਾਂ ਅਕਾਲੀਆਂ ਨੇ ਨਹਿਰ ਬਣਾਉਣ ਵਾਸਤੇ ਆਪ ਜ਼ਮੀਨ ਅਕੁਆਇਰ ਕਰ ਕੇ ਦਿੱਤੀ ਸੀ, ਉਹ ਇਸ ਦੇ ਵਿਰੁੱਧ ਮੋਰਚਾ ਲਾਉਣ ਨਿਕਲ ਪਏ। ਏਧਰ ਸਿਆਸਤ ਆਪਣੀ ਚਤਰਾਈ ਦੇ ਕ੍ਰਿਸ਼ਮੇ ਵਿਖਾਉਂਦੀ ਰਹੀ ਤੇ ਓਧਰ ਸੁਪਰੀਮ ਕੋਰਟ ਵਿੱਚ ਕੇਸ ਚੱਲਦਾ ਅਤੇ ਵਾਰ-ਵਾਰ ਪੰਜਾਬ ਦੇ ਖਿਲਾਫ ਫੈਸਲੇ ਹੋਣ ਦਾ ਚੱਕਰ ਚੱਲਦਾ ਰਿਹਾ। ਇੱਕ ਮੌਕੇ ਪੰਜਾਬ ਦਾ ਕੇਸ ਲੜਨ ਲਈ ਜਿਹੜੀ ਵਕੀਲਾਂ ਦੀ ਟੀਮ ਨੇ ਕਮਾਂਡ ਸੰਭਾਲੀ, ਉਸ ਟੀਮ ਦਾ ਮੁਖੀ ਹਰਿਆਣੇ ਦਾ ਵਕੀਲ ਸੀ। ਉਹ ਲੱਖ ਚੰਗਾ ਹੋਵੇ, ਜੇ ਉਹ ਪੰਜਾਬ ਲਈ ਕੇਸ ਜਿੱਤ ਜਾਂਦਾ ਤਾਂ ਇਸ ਪਿੱਛੋਂ ਜਦੋਂ ਕਦੀ ਕਿਸੇ ਖੁਸ਼ੀ-ਗਮੀ ਦੇ ਮੌਕੇ ਹਰਿਆਣੇ ਦੇ ਸਮਾਜਕ ਇਕੱਠਾਂ ਵਿੱਚ ਜਾਂਦਾ, ਓਥੇ ਲੋਕਾਂ ਨੇ ਉਸ ਨੂੰ ਇਹਕਿਹਾ ਕਰਨਾ ਸੀ ਕਿ ਤੇਰੇ ਕਾਰਨ ਸਾਡੇ ਹਰਿਆਣੇ ਦਾ ਨੁਕਸਾਨ ਹੋ ਗਿਆ ਹੈ ਤੇ ਕੋਈ ਵੀ ਬੰਦਾ ਸਾਰੀ ਉਮਰ ਏਦਾਂ ਦੀ ਅਣਸੁਖਾਵੀਂ ਸਥਿਤੀ ਆਪਣੇ ਲਈ ਕਦੀ ਪੈਦਾ ਨਹੀਂ ਕਰਨਾ ਚਾਹੇਗਾ। ਕਿੱਤੇ ਲਈ ਉਹ ਪੂਰਾ ਇਮਾਨਦਾਰ ਤੇ ਸਮੱਰਪਤ ਵੀ ਹੋਵੇ ਤਾਂ ਪੰਜਾਬ ਦੇ ਲੋਕਾਂ ਲਈ ਇਸ ਸ਼ੱਕ ਦੀ ਗੁੰਜਾਇਸ਼ ਹਰ ਹਾਲ ਰਹਿਣੀ ਸੀ ਤੇ ਜਦੋਂ ਪੰਜਾਬ ਉਹ ਕੇਸ ਹਾਰਿਆ ਸੀ ਤਾਂ ਇਸ ਦੇ ਬਾਅਦ ਏਥੇ ਰਾਜ ਸਰਕਾਰ ਦੇ ਖਿਲਾਫ ਘੱਟ ਤੇ ਉਸ ਵਕੀਲ ਦੇ ਬਾਰੇ ਵੱਧ ਚਰਚਾ ਹੁੰਦੀ ਰਹੀ ਸੀ।

ਪੰਜਾਬ ਦੇ ਖਿਲਾਫ ਸੁਪਰੀਮ ਕੋਰਟ ਦਾ ਪਹਿਲਾ ਫੈਸਲਾ ਓਦੋਂ ਆਇਆ ਸੀ, ਜਦੋਂ ਪ੍ਰਕਾਸ਼ ਸਿੰਘ ਬਾਦਲ ਤੀਸਰੀ ਵਾਰੀ ਰਾਜ ਦੀ ਕਮਾਨ ਸੰਭਾਲੀ ਬੈਠੇ ਸਨ ਤੇ ਅਗਲੀਆਂ ਵਿਧਾਨ ਸਭਾ ਚੋਣਾਂ ਵਿੱਚ ਕੁਝ ਹਫਤੇ ਹੀ ਬਾਕੀ ਸਨ। ਕੋਰਟ ਦਾ ਫੈਸਲਾ ਆਉਂਦੇ ਸਾਰ ਉਨ੍ਹਾਂ ਕਹਿ ਦਿੱਤਾ ਕਿ ਮੈਨੂੰ ਜੇਲ੍ਹ ਜਾਣ ਵਿੱਚ ਝਿਜਕ ਨਹੀਂ, ਪਰ ਅਦਾਲਤੀ ਹੁਕਮ ਮੈਂ ਲਾਗੂ ਨਹੀਂ ਹੋਣ ਦੇਣਾ। ਲੋਕਾਂ ਅੱਗੇ ਸੱਚੇ ਹੋਣ ਦਾ ਇਹ ਪੈਂਤੜਾ ਵੀ ਕੰਮ ਨਹੀਂ ਸੀ ਆ ਸਕਿਆ ਤੇ ਸਰਕਾਰ ਕਾਂਗਰਸ ਦੀ ਬਣ ਗਈ। ਸੁਪਰੀਮ ਕੋਰਟ ਦੇ ਫੈਸਲੇ ਲਈ ਰੀਵੀਊ ਦੀ ਅਰਜ਼ੀ ਪਾਈ ਤਾਂ ਦੋ ਸਾਲਾਂ ਬਾਅਦ ਫਿਰ ਉਹੀ ਫੈਸਲਾ ਆ ਗਿਆ। ਓਦੋਂ ਮੁੱਖ ਮੰਤਰੀ ਅਮਰਿੰਦਰ ਸਿੰਘ ਨੇ ਵਿਧਾਨ ਸਭਾ ਵਿੱਚ ਮਤਾ ਪਾਸ ਕਰ ਕੇ ਸਾਰੇ ਪਿਛਲੇ ਸਮਝੌਤੇ ਤੋੜਨ ਦਾ ਕਦਮ ਚੁੱਕ ਲਿਆ, ਜਿਸ ਨਾਲ ਵਿਰੋਧੀ ਧਿਰ, ਅਤੇ ਖਾਸ ਤੌਰ ਉੱਤੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵੀ ਉਸ ਨਾਲ ਖੜੋ ਗਿਆ। ਇੱਕ ਜਣੇ ਨੇ ਮੁੱਖ ਮੰਤਰੀ ਹੁੰਦਿਆਂ ਹਰਿਆਣੇ ਨੂੰ ਪਾਣੀ ਭੇਜਣ ਵਾਸਤੇ ਨਹਿਰ ਪੁੱਟਣ ਲਈ ਜ਼ਮੀਨ ਅਕੁਆਇਰ ਕਰਵਾਈ ਸੀ ਅਤੇ ਦੂਸਰੇ ਨੇ ਇੰਦਰਾ ਗਾਂਧੀ ਵੱਲੋਂ ਐੱਸ ਵਾਈ ਐੱਲ (ਸਤਲੁਜ ਯਮਨਾ ਲਿੰਕ) ਨਹਿਰ ਦੀ ਉਸਾਰੀ ਲਈ ਪਹਿਲਾ ਟੱਕ ਲਾਉਣ ਆਈ ਇੰਦਰਾ ਗਾਂਧੀ ਦਾ ਸਾਥ ਦਿੱਤਾ ਸੀ, ਦੋਵੇਂ ਜਣੇ ਲੋਕਾਂ ਕੋਲ ਸੱਚੇ ਬਣਨ ਲਈ ਇੱਕ ਦੂਸਰੇ ਦੇ ਪੈਰ ਮਿੱਧਣ ਲੱਗ ਪਏ। ਵਿਧਾਨ ਸਭਾ ਵਿੱਚ ਬਿੱਲ ਪਾਸ ਕਰ ਕੇ ਸਾਰੇ ਸਮਝੌਤੇ ਤੋੜਨ ਦਾ ਉਹ ਫੈਸਲਾ ਵੀ ਟਿਕ ਨਹੀਂਸਕਿਆ ਅਤੇ ਸੁਪਰੀਮ ਕੋਰਟ ਨੇ ਇਸ ਦੇ ਵਿਰੁੱਧ ਹੁਕਮ ਓਦੋਂ ਦਾਗਿਆ ਸੀ, ਜਦੋਂ ਪ੍ਰਕਾਸ਼ ਸਿੰਘ ਬਾਦਲ ਦੀ ਪੰਜਵੀਂ ਸਰਕਾਰ ਦੀ ਮਿਆਦ ਪੁੱਗਣ ਵਿੱਚ ਕੁਝ ਹਫਤੇ ਬਾਕੀ ਸਨ। ਇਸ ਵਾਰੀ ਪਿਛਲੇ ਸਾਰੇ ਧੋਣ ਧੋਣ ਲਈ ਬਾਦਲ ਸਾਹਿਬ ਨੇ ਕਿਸਾਨਾਂ ਦੀਆਂ ਜ਼ਮੀਨਾਂ ਉਨ੍ਹਾਂ ਨੂੰ ਵਾਪਸ ਕਰਨ ਦਾ ਐਲਾਨ ਕਰ ਦਿੱਤਾ ਤੇ ਡਿਪਟੀ ਕਮਿਸ਼ਨਰਾਂ ਨੂੰ ਹੁਕਮ ਦੇ ਕੇ ਰਾਤੋ-ਰਾਤ ਇਹ ਕੰਮ ਨੇਪਰੇ ਚਾੜ੍ਹਨ ਤੁਰ ਪਏ। ਇਹੀ ਨਹੀਂ, ਨਹਿਰ ਦਾ ਪੰਜਾਬ ਵਿੱਚ ਬਣਿਆ ਪਿਆ ਹਿੱਸਾ ਟਰੈਕਟਰਾਂ ਅਤੇ ਜੇ ਸੀ ਬੀ ਮਸ਼ੀਨਾਂ ਨਾਲ ਢਾਹੁਣ ਲਈ ਆਪਣੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੂੰ ਮੈਦਾਨ ਵਿੱਚ ਕੱਢ ਲਿਆਂਦਾ, ਪਰ ਪੰਜਾਬ ਦੇ ਲੋਕਾਂ ਨੇ ਇਸ ਦੀ ਵੀ ਕਦਰ ਨਾ ਪਾਈ ਅਤੇ ਸਰਕਾਰ ਫਿਰ ਉਨ੍ਹਾਂ ਦੀ ਥਾਂ ਕੈਪਟਨ ਅਮਰਿੰਦਰ ਸਿੰਘ ਦੀ ਬਣ ਗਈ। ਪੰਜ ਸਾਲ ਕਾਂਗਰਸੀ ਆਗੂ ਟਾਹਰਾਂ ਮਾਰਦੇ ਰਹੇ, ਉਨ੍ਹਾਂ ਦੇ ਵਕੀਲ ਕੇਸਾਂ ਦੀ ਪੈਰਵੀ ਕਰਨ ਦੀ ਥਾਂ ਵਕਤ ਟਾਲਣ ਵਾਸਤੇ ਚਰਚਾ ਵਿੱਚ ਰਹੇ ਅਤੇ ਓਸੇ ਕੇਸ ਦਾਫੈਸਲਾ ਇਸ ਹਫਤੇ ਫਿਰ ਪੰਜਾਬ ਦੇ ਖਿਲਾਫ ਆ ਗਿਆ ਹੈ।

ਕੈਪਟਨ ਅਮਰਿੰਦਰ ਸਿੰਘ ਦੇ ਵਕਤ ਸੁਪਰੀਮ ਕੋਰਟ ਨੇ ਇੱਕ ਵਾਰੀ ਹਦਾਇਤ ਕੀਤੀ ਸੀ ਕਿ ਕੇਂਦਰੀ ਸਰਕਾਰ ਦੋਵਾਂ ਰਾਜਾਂ ਪੰਜਾਬ ਅਤੇ ਹਰਿਆਣੇ ਦੇ ਆਗੂਆਂ ਨਾਲ ਗੱਲਬਾਤ ਰਾਹੀਂ ਮਸਲਾ ਸੁਲਝਾਉਣ ਦਾ ਯਤਨ ਕਰੇ, ਪਰ ਕੇਂਦਰ ਸਰਕਾਰ ਨੇ ਕੁਝ ਕਰਨ ਦੀ ਲੋੜ ਨਾ ਸਮਝੀ। ਜਦੋਂ ਉਹ ਲੋਕ ਚਲੇ ਗਏ ਤਾਂ ਸੁਪਰੀਮ ਕੋਰਟ ਦੀ ਅਗਲੀ ਹਦਾਇਤ ਉੱਤੇ ਇਨ੍ਹਾਂ ਦੋਵਾਂ ਰਾਜਾਂ ਦੇ ਮੁੱਖ ਮੰਤਰੀਆਂ ਭਗਵੰਤ ਮਾਨ ਅਤੇ ਮਨੋਹਰ ਲਾਲ ਖੱਟਰ ਦੀ ਮੀਟਿੰਗ ਹੋਣ ਦਾ ਮੌਕਾ ਆ ਗਿਆ। ਪੁਆੜਾ ਪਿਛਲੀਆਂ ਦੋ ਪਾਰਟੀਆਂ ਕਾਂਗਰਸ ਤੇ ਅਕਾਲੀ ਦਲ ਦੇ ਆਗੂਆਂ ਦਾ ਪਾਇਆ ਪਿਆ ਸੀ, ਜ਼ਿੰਮਾ ਉਸ ਪਾਰਟੀ ਦੇ ਮੁੱਖ ਮੰਤਰੀ ਸਿਰ ਪੈ ਗਿਆ, ਜਿਹੜੀ ਪਾਰਟੀ ਬਣੀ ਨੂੰ ਹਾਲੇ ਬਾਰਾਂ ਸਾਲ ਨਹੀਂ ਸਨ ਹੋਏ ਅਤੇ ਉਨ੍ਹਾਂ ਦਾ ਇਸ ਮੁੱਦੇ ਨਾਲ ਕੋਈ ਪੁਰਾਣਾ ਰਿਸ਼ਤਾ ਵੀ ਨਹੀਂ ਸੀ। ਪਾਣੀਆਂ ਬਾਰੇ ਇੰਦਰਾ ਗਾਂਧੀ ਸਰਕਾਰ ਦਾ ਪਹਿਲਾ ਐਵਰਡ ਜਦੋਂ ਆਇਆ ਸੀ, ਓਦੋਂ ਭਗਵੰਤ ਮਾਨ ਅਜੇ ਤਿੰਨਾਂ ਸਾਲਾਂ ਦਾ ਨਹੀਂ ਹੋਇਆ ਹੋਣਾ। ਫਿਰ ਵੀ ਜਦੋਂ ਉਹ ਹਰਿਆਣੇ ਦੇ ਸਾਰੀ ਉਮਰ ਦੇ ਸੋਇਮਸੇਵਕ ਮੁੱਖ ਮੰਤਰੀ ਨਾਲ ਗੱਲ ਕਰਨ ਬੈਠਾ ਤਾਂ ਨਵਾਂ ਨੁਕਤਾ ਚੁੱਕ ਕੇ ਸਭ ਨੂੰ ਹੈਰਾਨ ਕਰ ਦਿਤਾ ਕਿ ਪੰਜਾਬ ਦੀ ਜਾਇਦਾਦ ਵੰਡਣ ਵਾਲਾ ਫਾਰਮੂਲਾ ਹੀ ਲਾਗੂ ਕਦੇ ਨਹੀਂ ਕੀਤਾ ਗਿਆ। ਉਸ ਨੇ ਕਿਹਾ ਕਿ ਜਦੋਂ ਸਿਵਲ ਸੈਕਟਰੀਏਟ ਤੇ ਵਿਧਾਨ ਸਭਾ ਦੀ ਸਾਂਝੀ ਜਾਇਦਾਦ ਵੰਡੀ ਗਈ ਅਤੇ ਹਰ ਹੋਰ ਜਾਇਦਾਦ ਵੀ ਜਿੰਨੀ ਕਿਸੇ ਥਾਂ ਸਾਂਝੀ ਸੀ, ਗਿਣਤੀਆਂ ਕਰ ਕੇ ਵੰਡੀ ਗਈ ਸੀ ਤਾਂ ਪਾਣੀ ਦੀ ਵੰਡ ਵੇਲੇ ਸਿਰਫ ਉਨ੍ਹਾਂ ਦਰਿਆਵਾਂ ਦਾ ਪਾਣੀ ਕਿਉਂ ਗਿਣਿ-ਆ ਸੀ, ਜਿਹੜੇ ਏਧਰ ਪੈਂਦੇ ਸਨ, ਹਰਿਆਣੇ ਵਿੱਚ ਵਗਣ ਵਾਲਾ ਯਮਨਾ ਦਰਿਆ ਵੀ ਸਾਂਝੇ ਪੰਜਾਬ ਦਾ ਹਿੱਸਾ ਸੀ, ਉਸ ਵਿਚਲਾ ਪਾਣੀ ਕਿਉਂ ਨਾ ਇਸ ਵਿੱਚ ਰੱਖਿਆ ਗਿਆ ਤੇ ਜਿਹੜਾ ਘੱਗਰ ਦਰਿਆ ਵਗਣ ਵੇਲੇ ਕਦੀ ਸਾਡੇ ਵੱਲ ਤੇ ਕਦੀ ਹਰਿਆਣੇ ਵੱਲ ਜਾਂਦਾ ਆਖਰ ਨੂੰ ਹਰਿਆਣੇ ਵਿੱਚ ਜਾ ਪੈਂਦਾ ਹੈ, ਉਸ ਦਾ ਪਾਣੀ ਵਿੱਚ ਕਿਉਂ ਨਹੀਂ ਸੀ ਗਿਣਿਆ? ਇਸ ਨਾਲ ਹਰਿਅਣੇ ਦੇ ਆਗੂ ਕੋਈ ਵੀ ਦਲੀਲ ਦੇਣ ਜੋਗੇ ਨਾ ਰਹਿ ਗਏ ਅਤੇ ਇਹੋ ਕਹੀ ਜਾਣ ਕਿ ਭਗਵੰਤ ਮਾਨ ਗੱਲ ਤਿਲਕਾਉਣ ਦੇ ਦਾਅ ਖੇਡਦਾ ਹੈ।

ਇਸ ਪੜਾਅ ਉੱਤੇ ਪੰਜਾਬ ਦੇ ਲੋਕ ਇਹ ਸਮਝਣ ਲੱਗ ਪਏ ਕਿ ਨਵੀਂ ਸਰਕਾਰ ਪਾਣੀਆਂ ਦਾ ਕੇਸ ਸਿਦਕਦਿਲੀ ਤੇ ਸਾਬਤਕਦਮੀ ਨਾਲ ਲੜੇਗੀ ਅਤੇ ਇਸ ਵਾਰੀ ਸਾਨੂੰ ਮਾਰ ਨਹੀਂ ਪਵੇਗੀ। ਬਦਕਿਸਮਤੀ ਨਾਲ ਏਦਾਂ ਹੋਇਆ ਨਹੀਂ ਤੇ ਫਿਰ ਫੈਸਲਾ ਪੰਜਾਬ ਦੇ ਖਿਲਾਫ ਆ ਗਿਆ ਹੈ। ਚੰਡੀਗੜ੍ਹ ਤੋਂ ਦਿੱਲੀ ਤੱਕ ਚਰਚਾ ਹੈ ਕਿ ਸਰਕਾਰ ਦੇ ਅੰਦਰੋਂ ਸਾਬੋਤਾਜ ਕੀਤਾ ਗਿਆ ਹੈ। ਕੇਸ ਪੂਰੀ ਤਿਆਰੀ ਨਾਲ ਲੜਿਆ ਨਹੀਂ ਗਿਆ ਤੇ ਜਿਹੜਾ ਨਵਾਂ ਪੱਖ ਹਰਿਆਣੇ ਦੇ ਮੁੱਖ ਮੰਤਰੀ ਨਾਲ ਹੋਈ ਬੈਠਕ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਰੱਖਿਆ ਸੀ ਕਿ ਯਮਨਾ ਤੇ ਘੱਗਰ ਦਰਿਆਵਾਂ ਦਾ ਪਾਣੀ ਵੀ ਨਾਲ ਜੋੜ ਕੇ ਮੁੱਢ ਤੋਂ ਵਿਚਾਰਿਆ ਜਾਵੇ, ਉਸ ਉੱਤੇ ਜਿੰਨਾ ਜ਼ੋਰ ਦੇਣਾ ਚਾਹੀਦਾ ਸੀ, ਓਨਾ ਜ਼ੋਰ ਨਹੀਂ ਦਿੱਤਾ ਜਾਪਦਾ, ਤੇ ਚਰਚਾ ਹੈ ਕਿ ਇਹ ਸਭ ਕੁਝ ਇਸ ਕੇਸ ਨੂੰ ਕਾਨੂੰਨੀ ਪੱਖੋਂ ਕਮਾਂਡ ਕਰਦੀ ਟੀਮ ਵਿਚਲੇ ਕਿਸੇ ਨੇ ਕੀਤਾ ਹੈ। ਅਸੀਂ ਇਹ ਗੱਲ ਨਹੀਂ ਜਾਣਦੇ ਕਿ ਪੰਜਾਬ ਦੇ ਕੇਸ ਨੂੰ ਇਸ ਵਾਰੀ ਢਾਹ ਕਿਸ ਨੇ ਲਾਈ ਹੈ, ਪਰ ਇਹ ਕਹੇ ਬਿਨਾਂ ਨਹੀਂ ਰਹਿ ਸਕਦੇ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਅਕਸ ਵੀ ਇਸ ਨਾਲ ਸਵਾਲਾਂ ਦੇ ਘੇਰੇ ਹੇਠ ਆ ਗਿਆ ਹੈ। ਪਹਿਲੀਆਂ ਦੋਵਾਂ ਪਾਰਟੀਆਂ ਦੀ ਲੀਡਰਸ਼ਿਪ ਉੱਤੇ ਦੋਗਲੀ ਖੇਡ ਖੇਡਣ ਦੇ ਦੋਸ਼ ਲੱਗਦੇ ਸਨ ਤਾਂ ਇਸ ਪਾਰਟੀ ਦੇ ਬਾਰੇ ਵੀ ਲੋਕਾਂ ਨੂੰ ਇਹੋ ਗੱਲ ਕਹਿਣ ਤੋਂ ਰੋਕਿਆ ਨਹੀਂ ਜਾ ਸਕਦਾ। ਇਹਪਾਰਟੀ ਪਹਿਲਾਂ ਹੀ ਦਿੱਲੀ ਦੀ ਐਕਸਾਈਜ਼ ਪਾਲਸੀ ਦੇ ਮੁੱਦੇ ਵਾਸਤੇਕੇਂਦਰ ਸਰਕਾਰ ਨੇ ਨਿਸ਼ਾਨੇ ਉੱਤੇ ਰੱਖੀ ਹੋਣ ਕਾਰਨ ਕਸੂਤੀ ਫਸੀ ਪਈ ਹੈ, ਅੱਗੋਂ ਪਾਣੀਆਂ ਦੇ ਕੇਸ ਦੀ ਕਸੂਤੀ ਸੱਟ ਵੀ ਆਣ ਪਈ ਹੈ। ਕਿਸੇ ਨੇ ਉਸ ਦੀਆਂ ਮਜਬੂਰੀਆਂ ਨਹੀਂ ਵੇਖਣੀਆਂ, ਉਸ ਨੂੰ ਆਪਣੀ ਪਾਕ-ਦਾਮਨੀ ਦਾ ਪ੍ਰਭਾਵ ਕਾਇਮ ਰੱਖਣ ਵਾਸਤੇ ਲੋਕਾਂ ਅੱਗੇ ਮੈਦਾਨ ਵਿੱਚ ਆਉਣਾ ਪਵੇਗਾ। ਕੁਝ ਵੀ ਲੁਕਾਉਣ ਦਾ ਯਤਨ ਉਸ ਦੀ ਸ਼ਾਖ ਨੂੰ ਹੋਰ ਪ੍ਰਭਾਵਤ ਕਰੇਗਾ ਅਤੇ ਅਗਲੇ ਸਾਲ ਹੋਣ ਵਾਲੀ ਲੋਕ ਸਭਾ ਚੋਣ ਸਿਰ ਉੱਤੇ ਆਈ ਹੋਣ ਕਰ ਕੇ ਪੰਜਾਬ ਦੀ ਸਰਕਾਰ ਚਲਾ ਰਹੀ ਪਾਰਟੀ ਨੂੰ ਇਸ ਬਾਰੇ ਕਈ ਕੁਝ ਛੇਤੀ ਕਰ ਕੇ ਵਿਖਾਉਣ ਦੀ ਮਜਬੂਰੀ ਵੀ ਸਾਹਮਣੇ ਰਹੇਗੀ।

ਪੰਜਾਬ ਦੀ ਸਿਆਸਤ ਵਿੱਚ ਹਰ ਚੋਣ ਨੇੜੇ ਕੁਝ ਨਾ ਕੁਝ ਇਹੋ ਜਿਹਾ ਹੁੰਦਾ ਰਿਹਾ ਹੈ, ਜਿਸ ਨਾਲ ਸਾਰੇ ਹਾਲਾਤ ਉੱਤੇ ਕਈ ਵਾਰੀ ਕੋਈ ਇੱਕੋ ਮੁੱਦਾ ਭਾਰੂ ਹੋ ਜਾਂਦਾ ਹੈ। ਓਸੇ ਤਰ੍ਹਾਂ ਪੁਰ-ਾਣੇ ਬੇਅਸੂਲੇ ਸਮਝੌਤਿਆਂ ਤੇ ਪੈਂਤੜਿਆਂ ਦੇ ਨਾਲ ਅਜੋਕੇ ਹਾਲਾਤ ਨੂੰ ਜੋੜੀਏ ਤਾਂ ਦਰਿਆਈ ਪਾਣੀਆਂ ਵਿੱਚ ਮਧਾਣੀ ਘੁੰਮਾਉਣ ਦੇ ਉਹ ਹਾਲਾਤ ਇੱਕ ਵਾਰ ਫਿਰ ਬਣ ਰਹੇ ਜਾਪਦੇ ਹਨ, ਜਿਹੜੇ ਅਗਲੇ ਦਿਨਾਂ ਵਿੱਚ ਕਿਸ ਪਾਸੇ ਜਾਣਗੇ, ਅੱਜ ਦੀ ਘੜੀ ਕਹਿ ਸਕਣਾ ਔਖਾ ਹੈ।

# ਧੰਨ ਧੰਨ ਬਾਬਾ ਈਸ਼ਰ ਸਿੰਘ ਜੀ ਕਲੇਰਾਂ ਵਾਲਿਆਂ ਨੂੰ ਯਾਦ ਕਰਦਿਆਂ

ਸੁਰਜੀਤ ਸਿੰਘ ਫਲੋਰਾ

ਬਾਬਾ ਈਸ਼ਰ ਸਿੰਘ ਜੀ ਕਲੇਰਾ ਵਾਲਿਆ ਦਾ ਜਨਮ ਪਿੰਡ ਝੋਰੜਾਂ, ਤਹਿਸੀਲ ਜਗਰਾਉਂ, ਜ਼ਿਲ੍ਹਾ ਲੁਧਿਆਣਾ ਵਿਖੇ 26 ਮਾਰਚ 1916 ਨੂੰ ਸਤਿਕਾਰਯੋਗ ਸ. ਬੱਗਾ ਸਿੰਘ ਜੀ ਅਤੇ ਬੀਬੀ ਪ੍ਰਤਾਪ ਕੌਰ ਜੀ ਦੇ ਘਰ ਹੋਇਆ। ਕਿਹਾ ਜਾਂਦਾ ਹੈ ਕਿ ਜਨਮ ਤੋਂ ਹੀ ਬਾਬਾ ਜੀ ਦੀ ਆਤਮਾ ਉੱਚੀ ਅਧਿਆਤਮਿਕਤਾ ਨਾਲ ਅਭੇਦ ਹੋ ਗਈ। ਉਸਨੇ ਇੱਕ ਦਇਆਵਾਨ, ਸ਼ਾਂਤ ਹਿਰਦੇ ਨਾਲ ਨਿਰੰਤਰ ਵਿਚੋਲਗੀ ਕੀਤੀ ਜੋ ਅਕਾਲ ਪੁਰਖ ਦੁਆਰਾ ਆਪਣੇ ਮੋਢਿਆਂ 'ਤੇ ਬਖਸ਼ੀ ਗਈ ਇੱਕ ਬੇਮਿਸ-ਾਲ ਰੂਹਾਨੀ ਊਰਜਾ ਨਾਲ ਰੰਗਿਆ ਹੋਇਆ ਸੀ।

ਬਾਬਾ ਈਸ਼ਰ ਸਿੰਘ ਛੋਟੀ ਉਮਰ ਤੋਂ ਹੀ ਆਪਣੇ ਹਮ- ਉਮਰ ਦੇ ਬੱਚਿਆਂ ਨੂੰ ਇਕੱਠਾ ਕਰਦੇ ਸਨ ਅਤੇ ਅਧਿਆਤਮਿਕ ਵਿਚਾਰਾਂ ਅਤੇ ਗੁਰਬਾਣੀ ਦੇ ਪਾਠ ਵਿੱਚ ਹਿੱਸਾ ਲੈਂਦੇ ਸਨ। ਆਪਣੀ ਜਵਾਨੀ ਦੇ ਦਿਨਾਂ ਵਿੱਚ, ਬਾਬਾ ਜੀ ਨੇ ਘਰ ਚਲਾਉਣ ਵਿੱਚ ਆਪਣੇ ਮਾਤਾ ਅਤੇ ਪਿਤਾ ਦੀ ਮਦਦ ਕਰਨੀ ਸ਼ੁਰੂ ਕਰ ਦਿੱਤੀ ਅਤੇ ਰਵਾਇਤੀ ਖੇਤੀਬਾੜੀ ਦੇ ਕੰਮ ਕੀਤੇ ਪਰ ਆਪਣੇ ਕੰਮਾਂ ਨੂੰ ਕਰਦੇ ਹੋਏ ਹਮੇਸ਼ਾਂ ਨਾਮ ਸਿਮਰਨ ਦੇ ਨਸ਼ੇ ਵਿੱਚ ਆਪਣੀ ਇਕਾਗਰਤਾ ਨੂੰ ਜੋੜਦੇ ਰਹੇ।

1929 ਵਿਚ ਨਾਨਕਸਰ-ਕਲੇਰਾਂ ਵਾਲੇ ਬਾਬਾ ਨੰਦ ਸਿੰਘ ਜੀ ਅੰਮ੍ਰਿਤ ਪ੍ਰਚਾਰ ਮੁਹਿੰਮ ਦੇ ਹਿੱਸੇ ਵਜੋਂ ਪਿੰਡ ਝੋਰੜਾਂ ਵਿਚ ਆਏ। ਇਸ ਫੇਰੀ ਦੌਰਾਨ, ਕਿਸਮਤ ਨੇ ਦੋ ਮਹਾਨ ਮਨਾਂ ਦੀ ਮੁਲਾਕਾਤ ਵਿੱਚ ਭੂਮਿਕਾ ਨਿਭਾਈ। ਇਹ ਸ਼ੁਰੂਆਤੀ ਫੇਰੀ ਇੱਕ ਦੂਤ ਸੁਭਾਅ ਦੀ ਸੀ। ਬਾਬਾ ਨੰਦ ਸਿੰਘ ਜੀ ਨੇ ਛੋਟੇ ਬਾਬਾ ਈਸ਼ਰ ਸਿੰਘ ਜੀ ਵਿੱਚ ਸਿੱਖੀ ਦੀ ਰੌਸ਼ਨੀ ਵੇਖ ਕੇ ਪਿੰਡ ਝੋਰੜਾਂ ਵਿਖੇ ਰਹਿੰਦਿਆਂ ਬਾਬਾ ਨੰਦ ਸਿੰਘ ਜੀ ਨੇ ਟਿੱਪਣੀ ਕੀਤੀ ਕਿ ਉਨ੍ਹਾਂ ਨੂੰ ਉਸ ਪਿੰਡ ਦਾ ਨੌਜਵਾਨ, ਪਵਿੱਤਰ ਅਤੇ ਧਾਰਮਿਕ ਸੁਭਾਅ ਵਾਲਾ ਮੁੱਖ ਸੇਵਾਦਾਰ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੇਵਾਦਾਰ ਨੂੰ ਦ੍ਰਿੜ੍ਹ ਇਰਾਦੇ ਵਾਲਾ ਅਤੇ ਮਾਸਟਰ ਦੇ ਡਰ ਅਤੇ ਗੁੱਸੇ ਦਾ ਮਨੋਰੰਜਨ ਕਰਨ ਦੇ ਨਾਲ-ਨਾਲ ਉਸ ਨਾਲ ਪਿਆਰ ਕਰਨ ਦੇ ਯੋਗ ਹੋਣਾ ਚਾਹੀਦਾ ਹੈ।


ਬਾਬਾ ਨੰਦ ਸਿੰਘ ਜੀ ਨੇ ਬਾਬਾ ਜੀ ਦੀ ਮਾਤਾ ਜੀ ਨੂੰ ਪੁੱਛਿਆ "ਤੁਹਾਡੇ ਕਿੰਨੇ ਪੁੱਤਰ ਹਨ" ਤਾਂ ਉਹਨਾਂ ਨੇ ਜਵਾਬ ਦਿੱਤਾ "ਪੰਜ।" ਤੁਰੰਤ ਬਾਬਾ ਨੰਦ ਸਿੰਘ ਜੀ ਨੇ ਸਵਾਲ ਕੀਤਾ ਕਿ ਕੀ ਉਹ "ਸੇਵਾ ਲਈ ਇੱਕ ਨੂੰ ਛੱਡ ਸਕਦੀ ਹੈ" ਜਿਸ ਦਾ ਉਹਨਾਂ ਨੇ ਹੁਕਮ ਵਿੱਚ ਹਾਂ ਵਿੱਚ ਜਵਾਬ ਦਿੱਤਾ।

ਇਸ ਸਮੇਂ ਤੋਂ ਬਾਬਾ ਈਸ਼ਰ ਸਿੰਘ ਜੀ ਨੇ ਬਾਬਾ ਨੰਦ ਸਿੰਘ ਜੀ ਦੇ ਸਭ ਤੋਂ ਵੱਧ ਸਮਰਪਿਤ ਗੁਰਮੁਖ ਸੇਵਾਦਾਰ (ਨਿੱਜੀ ਸੇਵਾਦਾਰ) ਵਜੋਂ ਸੇਵਾ ਕੀਤੀ। ਬਾਬਾ ਜੀ ਦੀ ਸੇਵਾ ਅਤੇ ਜ਼ਿੰਮੇਵਾਰੀਆਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਅਤੇ ਜਦੋਂ ਉਹ ਸਿਰਫ 27 ਸਾਲ ਦੇ ਸਨ, ਤਾਂ ਬਾਬਾ ਈਸ਼ਰ ਸਿੰਘ ਜੀ ਹਜ਼ੂਰੀ (ਮੁੱਖ) ਸੇਵਾਦਾਰ ਬਣ ਗਏ। ਬਾਬਾ ਜੀ ਦੀ ਆਤਮਾ ਨਾਮ ਸਿਮਰਨ ਵਿੱਚ ਭਰਪੂਰ ਸੀ ਅਤੇ ਉਹਨਾਂ ਨੇ ਇਸ ਅਟੁੱਟ ਵਚਨਬੱਧਤਾ ਨੂੰ ਬਾਬਾ ਨੰਦ ਸਿੰਘ ਜੀ ਦੀ ਬੇਮਿਸਾਲ ਸ਼ਰਧਾ ਨਾਲ ਸੇਵਾ ਕਰਨ ਲਈ ਵਰਤਿਆ। ਬਾਬਾ ਜੀ ਹਜ਼ੂਰੀ ਸੇਵਾਦਾਰ ਦੇ ਤੌਰ 'ਤੇ ਡਿਊਟੀ ਦੌਰਾਨ ਹਮੇਸ਼ਾ ਸੁਚੇਤ ਰਹਿੰਦੇ ਸਨ ਅਤੇ ਉਨ੍ਹਾਂ ਨੇ ਬਿਨਾਂ ਕਿਸੇ ਸ਼ਿਕਾਇਤ ਦੇ ਨੰਗੇ ਪੈਰੀਂ ਧੋਖੇਬਾਜ਼ਾਂ ਰਾਹੀਂ ਆਪਣੀ ਸੇਵਾ ਨਿਭਾਈ। ਉਸਨੇ ਸਾਰੇ ਨਿੱਜੀ ਸੁੱਖਾਂ ਨੂੰ ਕੁਰਬਾਨ ਕਰ ਦਿੱਤਾ ਅਤੇ ਆਪਣੇ ਫਰਜ਼ਾਂ ਪ੍ਰਤੀ ਸਦਾ ਸੁਚੇਤ ਰਹੇ।

"ਆਪ ਗਵਾਏ ਸੇਵਾ ਕਰੇ ਤਾ ਕਿਸ ਪਾਏ ਮਾਨ॥" (ਆਸਾ ਦੀ ਵਾਰ)

ਬਾਬਾ ਨੰਦ ਸਿੰਘ ਜੀ 1943 ਵਿੱਚ ਸੱਚ ਖੰਡ ਜਾਣ ਤੋਂ ਪਹਿਲਾਂ, ਉਹਨਾਂ ਨੇ ਆਪਣੇ ਨਜ਼ਦੀਕੀ ਸੇਵਾਦਾਰਾਂ (ਸਾਥੀਆਂ) ਨੂੰ ਇਕੱਠਾ ਕੀਤਾ ਅਤੇ ਕਿਹਾ ਕਿ ਬਾਬਾ ਈਸ਼ਰ ਸਿੰਘ ਜੀ ਨੇ ਪੂਰਨ ਸੇਵਾ ਨਿਭਾਈ ਸੀ ਅਤੇ ਗੁਰੂ ਨਾਨਕ ਸਾਹਿਬ ਦੇ ਮਿਸ਼ਨ ਨੂੰ ਅੱਗੇ ਲਿਜਾਣ ਦੀ ਜ਼ਿੰਮੇਵਾਰੀ ਕੇਵਲ ਉਹਨਾਂ ਨੂੰ ਹੀ ਸੌਂਪੀ ਗਈ ਸੀ। ਬਾਬਾ ਨੰਦ ਸਿੰਘ ਜੀ ਦੇ ਸਵਰਗ ਚਲੇ ਜਾਣ 'ਤੇ, ਬਾਬਾ ਜੀ ਵਿਛੋੜਾ ਨਾ ਸਹਾਰ ਸਕੇ ਅਤੇ ਪਿੰਡ ਝੋਰੜਾਂ ਤੋਂ ਬਾਹਰ ਇੱਕ ਸਥਾਨ 'ਤੇ ਵਾਪਸ ਆ ਗਏ ਅਤੇ ਆਪਣੇ ਆਪ ਨੂੰ ਸੱਤ ਸਾਲ ਲਗਾਤਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਕਰਨ ਲਈ ਸਮਰਪਿਤ ਹੋ ਗਏ।

ਬਾਬਾ ਈਸ਼ਰ ਸਿੰਘ ਜੀ ਨੇ ਇੱਕ ਬਿਲਕੁਲ ਨਵਾਂ ਅਧਿਆਏ ਉੱਕਰਿਆ ਅਤੇ ਨਾਨਕਸਰ ਦੀ ਮਰਯਾਦਾ ਨੂੰ ਅਭਿਵਿਅਕਤੀ ਪੱਥਰ ਵਿੱਚ ਸਥਾਪਿਤ ਕੀਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਕੀਰਤਨ ਅਤੇ ਅਖੰਡ ਪਾਠਾਂ ਤੋਂ ਇਲਾਵਾ,



ਬਾਬਾ ਜੀ ਨੇ ਝੋਰੜਾਂ, ਭਦੌੜ, ਬਰਨਾਲਾ, ਬੜੂੰਦੀ, ਸਮਾਧ ਭਾਈ, ਦੇਹਰਾਦੂਨ, ਲੁਧਿਆਣਾ, ਅਤੇ ਸੀਰ੍ਹਾ ਵਿਖੇ ਸਥਿਤ ਹੋਰ ਬਹੁਤ ਸਾਰੇ ਗੁਰਦੁਆਰਿਆਂ ਵਿੱਚ ਵੀ ਨਿਤਨੇਮ ਅਤੇ ਕੀਰਤਨ ਅਰੰਭ ਕਰਵਾਇਆ।

ਬਾਬਾ ਈਸ਼ਰ ਸਿੰਘ ਜੀ ਦੀ ਵਿਰਾਸਤ ਦੋ ਬੁਨਿਆਦੀ ਸਿਧਾਂਤਾਂ ਨੂੰ ਜੋੜਦੀ ਹੈ ਜੋ ਇਸ ਜੀਵਨ ਅਤੇ ਇਸ ਤੋਂ ਅੱਗੇ ਮੁਕਤੀ ਦੀ ਕੁੰਜੀ ਰੱਖਦੇ ਹਨ। ਸਭ ਤੋਂ ਪਹਿਲਾਂ, ਬਾਬਾ ਜੀ ਨੇ ਸਰਬ ਸਾਂਝੀਵਾਲਤਾ ਅਤੇ ਸਰਬੱਤ ਦਾ ਭਲਾ ਕਰਨ ਬਾਰੇ ਗੁਰੂ ਨਾਨਕ ਸਾਹਿਬ ਦੇ ਨਿਰੰਤਰ ਸੰਦੇਸ਼ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਦੀਵੀ ਅਧਿਆਤਮਿਕਤਾ 'ਤੇ ਜ਼ੋਰ ਦਿੱਤਾ ਅਤੇ ਦੱਸਿਆ ਕਿ ਸਰੀਰਕ ਅਤੇ ਭਾਵਨਾਤਮਕ ਦੁੱਖਾਂ ਦੇ ਪੰਜੇ ਤੋਂ ਬਚਣ ਲਈ, ਮਨੁੱਖ ਨੂੰ ਉਪਦੇਸ਼ਾਂ ਵਿੱਚ ਸੀਮਤ ਰਹਿਣਾ ਚਾਹੀਦਾ ਹੈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣੇ ਦਸ ਗੁਰੂਆਂ ਦੀ ਜੀਵਤ ਬ੍ਰਹਮਤਾ ਵਜੋਂ ਪਛਾਣਨਾ ਚਾਹੀਦਾ ਹੈ ਅਤੇ ਕਿ ਕਿਸੇ ਨੂੰ ਕਦੇ ਵੀ ਰੱਬੀ ਗ੍ਰੰਥ ਅਤੇ ਸਾਡੇ ਗੁਰੂ ਜੀ ਵਿੱਚ ਫਰਕ ਨਹੀਂ ਕਰਨਾ ਚਾਹੀਦਾ ਕਿਉਂਕਿ ਉਹ ਇੱਕ ਸਮਾਨ ਰੂਪ, ਜੋਤ ਅਤੇ ਆਤਮਾ (ਸਰੀਰ, ਪ੍ਰਕਾਸ਼ ਅਤੇ ਆਤਮਾ) ਹਨ। ਦੂਸਰੀ ਵਿਰਾਸਤ ਗੁਰੂ ਗੋਬਿੰਦ ਸਿੰਘ ਜੀ ਨੂੰ ਆਪਣਾ ਸੀਸ ਸੌਂਪਣ ਦੀ ਜ਼ਰੂਰਤ ਨੂੰ ਦਰਸਾਉਂਦੀ ਹੈ ਜਿਸ ਦੁਆਰਾ ਉਹਨਾਂ ਨੂੰ ਅੰਮ੍ਰਿਤ ਦੀ ਪ੍ਰਕਿਰਿਆ ਦੁਆਰਾ ਆਪਣਾ ਪਿਤਾ ਮੰਨਿਆ ਜਾਂਦਾ ਹੈ ਅਤੇ ਮੌਤ ਦੇ ਡਰ ਨੂੰ ਪਾਰ ਕਰਨ ਲਈ ਸੱਚੀ ਮੁਕਤੀ ਪ੍ਰਾਪਤ ਕੀਤੀ ਜਾਂਦੀ ਹੈ।

ਬਾਬਾ ਈਸ਼ਰ ਸਿੰਘ ਜੀ ਨੇ ਅੰਮ੍ਰਿਤਧਾਰੀ ਬਣਨ ਦੀ ਲੋੜ 'ਤੇ ਜ਼ੋਰ ਦਿੱਤਾ। ਉਹ ਆਪਣੇ ਅੰਮ੍ਰਿਤ ਸੰਚਾਰ ਨੂੰ ਅੱਗੇ ਵਧਾਉਣ ਲਈ ਭਾਰਤ ਭਰ ਦੇ ਅਣਗਿਣਤ ਪਿੰਡਾਂ ਅਤੇ ਸ਼ਹਿਰਾਂ ਵਿਚ ਪਹੁੰਚ ਕੇ ਸੰਗਤਾਂ ਨੂੰ ਅੰਮ੍ਰਿਤ ਛਕਾਇਆ।

ਸੰਤ ਬਾਬਾ ਈਸ਼ਰ ਸਿੰਘ ਜੀ ਦੀਆਂ ਅੱਖਾਂ ਵਿੱਚ ਅਜਿਹੀ ਚੁੰਬਕੀ ਖਿੱਚ ਸੀ ਕਿ ਕੋਈ ਵੀ ਉਨ੍ਹਾਂ ਦੇ ਪਵਿੱਤਰ ਦਰਸ਼ਨਾਂ ਤੋਂ ਬਾਅਦ ਪੂਰੀ ਤਰ੍ਹਾਂ ਸਮਰਪਣ ਕਰ ਦਿੰਦਾ ਸੀ। ਬਹੁਤ ਸਾਰੇ ਅਵਿਸ਼ਵਾਸੀ ਲੋਕ ਵਿਚਾਰ-ਵਟਾਂਦਰਾ ਕਰਨ ਅਤੇ ਆਪਣੀ ਵਿਚਾਰਧਾਰਾ ਬਾਰੇ ਬਹਿਸ ਕਰਨ ਲਈ ਉਨ੍ਹਾਂ ਕੋਲ ਆਏ ਪਰ ਇੱਕ ਪਲ ਵਿੱਚ ਉਹ ਉਹਨਾਂ ਦੇ ਪਵਿੱਤਰ ਚਰਨਾਂ ਵਿੱਚ ਡਿੱਗ ਪਏ ਅਤੇ ਗੁਰੂ ਨਾਨਕ ਸਾਹਿਬ ਦੇ ਘਰ ਵਿੱਚ ਸ਼ਰਨ ਦੀ ਭੀਖ ਮੰਗਣ ਲੱਗੇ। ਜਿੱਥੇ ਵੀ ਉਹ ਆਪਣੇ ਦੀਵਾਨ ਰੱਖੇ (ਉੱਤਰੀ, ਪੂਰਬੀ, ਪੱਛਮੀ ਅਤੇ ਦੱਖਣੀ ਭਾਰਤ ਤੋਂ) ਉੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਹਮੇਸ਼ਾਂ ਭਾਰੀ ਇਕੱਠ ਹੁੰਦਾ ਸੀ। ਬਾਬਾ ਜੀ ਹਮੇਸ਼ਾ ਆਪਣੇ ਪ੍ਰਵਚਨ ਦੀ ਸ਼ੁਰੂਆਤ ਸ਼ਬਦ ਨਾਲ ਕਰਦੇ ਸਨ, ਉਸ ਤੋਂ ਬਾਅਦ ਕੀਰਤਨ ਅਤੇ ਕਥਾ ਹੁੰਦੀ ਸੀ।

ਬਾਬਾ ਜੀ ਨੇ ਨਾਨਕਸਰ ਕਲੇਰਾਂ ਅਤੇ ਬਾਕੀ ਠਾਠਾਂ ਦੇ ਨਾਲ ਨਾਲ ਹੋਰ ਸੰਬੰਧਤ ਅਸਥਾਨਾਂ ਦੀ ਮਰਯਾਦਾ ਤੇ ਨਿਯਮ ਸਖ਼ਤੀ ਨਾਲ ਪੱਕੇ ਤੌਰ ਤੇ ਇੱਕੋ ਜਿਹੇ ਹੀ ਚਾਲੀ ਕਰਵਾਏ ਤਾਂ ਜੋ ਸਭੀਂ ਥਾਈਂ ਰਹਿਤ ਮਰਯਾਦਾ ਵਿਚ ਇਕਸੁਰਤਾ ਤੇ ਭਾਵਾਤਮਿਕ ਸਾਂਝ ਹੋਵੇ। ਇਸ ਪ੍ਰਕਾਰ ਵੱਡੇ ਬਾਬਾ ਜੀ ਦੀ ਹੀ ਪ੍ਰੰਪਰਾ ਨੂੰ ਅੱਗੇ ਤੋਰਨ ਲਈ ਪਾਠ, ਕਥਾ, ਕੀਤਰਨ ਤੇ ਹੋਰ ਸਭ ਪ੍ਰਗਰਾਮਾਂ ਦੇ ਸਮੇਂ ਨੂੰ ਵੀ ਪੂਰੀ ਤਰ੍ਹਾਂ ਨਿਯਮਤ ਰੂਪ ਦਿੱਤਾ। ਸਮੇਂ ਦੀ ਪਾਬੰਦੀ ਅਤੇ ਨਿਯਮਾ ਦੀ ਪਾਲਣਾ ਆਪ ਜੀ ਦਾ ਮੁੱਖ ਅਸੂਲ ਬਣ ਗਿਆ ਸੀ। ਬਾਬਾ ਜੀ ਸਾਹਿਬ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਸੇਵਾ ਕਰਨ ਵਾਲਿਆਂ ਸੰਗਤਾਂ ਨੂੰ ਵੀ ਇਨ੍ਹਾਂ ਨਿਯਮਾਂ ਦੀ ਪਾਲਣਾ ਕਰਨ ਦੀਆਂ ਸਖ਼ਤ ਹਦਾਇਤਾਂ ਦਿੰਦੇ ਸਨ। ਇਸ ਤਰ੍ਹਾ ਕਿਹਾ ਜਾ ਸਕਦਾ ਹੈ ਕਿ ਬਾਬਾ ਜੀ ਨੇ ਜਿਸ ਸਿੱਖੀ ਦੀ ਫੂਲਾਵੜੀ ਨੂੰ ਨਿਰੰਤਰ 20 ਸਾਲ ਸਿੰਜਿਆ ਉਹ ਅੱਜ ਦੇਸ਼ ਵਿਦੇਸ਼ ਵਿਚ ਇਕ ਪੂਰਾ ਬਾਗ਼ ਬਣਕੇ ਆਪਣਿਆਂ ਮਹਿਕਾਂ ਤੇ ਖੁਸ਼ਬੋਈਆਂ ਵੰਡ ਰਿਹਾ ਹੈ।

ਬਾਬਾ ਜੀ 7 ਅਕਤੂਬਰ 1963 ਈ. 21 ਅਸੂ ਸੰਮਤ 2002 ਨੂੰ 48 ਸਾਲ ਦੀ ਛੋਟੀ ਜਿਹੀ ਉਮਰ ਵਿੱਚ ਹੀ ਸੱਚਖੰਡ ਵਿਖੇ ਗੁਰੁ ਨਾਨਕ ਪਾਤਸ਼ਾਹ ਜੀ ਦੇ ਚਰਨਾਂ ਵਿੱਚ ਲਿਵਲੀਨ ਹੋ ਗਏ। 23 ਅਸੂ ਨੂੰ ਵਿਸਾਲ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੇ ਨਗਰ ਕੀਰਤਨ ਕਰਦਿਆਂ ਬਾਬਾ ਜੀ ਦੇ ਪਵਿੱਤਰ ਸਰੀਰ ਨੂੰ ਹਰੀਕੇ ਪੱਤਣ ਦਰਿਆ ਦੇ ਪੁਲ ਪਾਸ ਡੂੰਘੇ ਪਾਣੀ ਦੇ ਵਹਿਣ ਵਿਚ ਸੇਜਲ ਅੱਖਾਂ ਰਾਹੀਂ ਜਲ ਪ੍ਰਵਾਹ ਕਰ ਦਿੱਤਾ।

# ਇੱਕ ਵਿਦਿਆਰਥੀ ਦੇ ਭਵਿੱਖ ਨੂੰ ਕਿਵੇਂ ਨਹੀਂ ਚਿੰਨ੍ਹਿਤ ਕਰਨਾ ਹੈ

-ਵਿਜੈ ਗਰਗ-

ਅੰਕ ਅਤੇ ਦਰਜਾਬੰਦੀ ਸਿੱਖਿਆ ਅਤੇ ਤਰੱਕੀ ਦੀ ਮੁਦਰਾ ਹਨ। ਪਰ ਉਹ ਨੁਕਸਦਾਰ ਅਤੇ ਅਨੁਚਿਤ ਮੁਲਾਂਕਣ ਹਨ। ਮਾਰਕ ਤੋਂ ਬਾਹਰ: ਜੈਕ ਸਨਾਈਡਰ ਅਤੇ ਏਥਨ ਐਲ ਹੱਟ ਦੁਆਰਾ ਗ੍ਰੇਡ, ਰੇਟਿੰਗ ਅਤੇ ਦਰਜਾਬੰਦੀ ਸਿੱਖਣ ਨੂੰ ਕਿਵੇਂ ਕਮਜ਼ੋਰ ਕਰਦੇ ਹਨ (ਪਰ ਅਜਿਹਾ ਨਹੀਂ ਕਰਨਾ ਚਾਹੀਦਾ) ਯੂਐਸ ਵਿੱਚ ਨਿਰਧਾਰਤ ਕੀਤਾ ਗਿਆ ਹੈ, ਪਰ ਇਸ ਵਿਸ਼ਵਵਿਆਪੀ ਦੁਬਿਧਾ ਦਾ ਵਿਸ਼ਲੇਸ਼ਣ ਕਰਦਾ ਹੈ।

ਸਾਨੂੰ ਟੈਸਟਾਂ ਅਤੇ ਗ੍ਰੇਡਾਂ ਦੀ ਲੋੜ ਕਿਉਂ ਹੈ? ਸਿਖਿਆਰਥੀਆਂ ਨੂੰ ਪ੍ਰੇਰਿਤ ਕਰਨ ਲਈ, ਉਹਨਾਂ ਦੀਆਂ ਕਾਬਲੀਅਤਾਂ ਨੂੰ ਸੰਖੇਪ ਰੂਪ ਵਿੱਚ ਰਿਕਾਰਡ ਕਰਨ ਲਈ, ਇਹਨਾਂ ਨੂੰ ਹੋਰ ਸੰਸਥਾਵਾਂ ਨਾਲ ਸੰਚਾਰ ਕਰਨ, ਅਤੇ ਰੁਜ਼ਗਾਰਦਾਤਾਵਾਂ ਨੂੰ ਸੰਕੇਤ ਦੇਣ ਲਈ। ਪਰ ਉਹ ਇਸ ਤਰੀਕੇ ਨਾਲ ਕੰਮ ਨਹੀਂ ਕਰਦੇ: ਵਿਦਿਆਰਥੀਆਂ ਨੂੰ ਗ੍ਰੇਡ ਦਿੰਦੇ ਹਨ, ਪਰ ਉਹਨਾਂ ਦੀ ਸਿਖਲਾਈ ਨਹੀਂ। ਵਿਦਿਆਰਥੀ ਕਿਸੇ ਵੀ ਚੀਜ਼ 'ਤੇ ਸਮਾਂ ਬਰਬਾਦ ਨਹੀਂ ਕਰਦੇ ਜਿਸਦਾ ਟੈਸਟ ਨਹੀਂ ਕੀਤਾ ਜਾਵੇਗਾ। ਗ੍ਰੇਡਿੰਗ ਸਕਿਊਜ਼ ਪ੍ਰੋਤਸਾਹਨ, ਕਿਉਂਕਿ ਵਿਦਿਆਰਥੀ ਸਿਸਟਮ ਨੂੰ ਧੋਖਾ ਦਿੰਦੇ ਹਨ ਜਾਂ ਖੇਡਦੇ ਹਨ। ਚਿੰਨ੍ਹ ਅਸਮਾਨਤਾਵਾਂ ਨੂੰ ਵੀ ਤਿੱਖਾ ਕਰਦੇ ਹਨ। ਅੰਕਾਂ ਦਾ ਸਭ ਤੋਂ ਮਜ਼ਬੂਤ ਭਵਿੱਖਬਾਣੀ ਵਿਦਿਆਰਥੀ ਦਾ ਪਰਿਵਾਰ ਅਤੇ ਆਂਢ-ਗੁਆਂਢ ਹੈ; ਅਮੀਰ ਮਾਪੇ ਵਧੇਰੇ ਦਬਾਅ ਪਾਉਂਦੇ ਹਨ ਅਤੇ ਵਧੇਰੇ ਸਹਾਇਤਾ ਪ੍ਰਦਾਨ ਕਰਦੇ ਹਨ।

ਫਿਰ ਮਾਨਕੀਕ੍ਰਿਤ ਟੈਸਟ ਆਉਂਦਾ ਹੈ, ਜੋ ਪਹਿਲੀ ਵਾਰ 19ਵੀਂ ਸਦੀ ਦੇ ਅਮਰੀਕਾ ਵਿੱਚ ਵਿਭਿੰਨ ਵਿਦਿਆਰਥੀਆਂ ਦੀ ਆਬਾਦੀ ਦੇ ਇੱਕਸਾਰ ਨਿਦਾਨ ਲਈ ਤਿਆਰ ਕੀਤਾ ਗਿਆ ਸੀ। ਬਦਕਿਸਮਤੀ ਨਾਲ, ਉਹਨਾਂ ਨੂੰ ਯੋਗਤਾ ਦੇ ਸਨੈਪਸ਼ਾਟ ਵਜੋਂ ਵਰਤਿਆ ਗਿਆ ਹੈ ਜੋ ਅਸਮਾਨਤਾ ਦੇ ਸਥਾਈ ਪੋਰਟਰੇਟ ਬਣ ਜਾਂਦੇ ਹਨ। ਟੈਸਟ ਲੈਣ ਵਾਲਿਆਂ ਨੇ ਇਹ ਨਹੀਂ ਪੁੱਛਿਆ ਕਿ ਕੀ ਟੈਸਟ ਦੀ ਸਮੱਗਰੀ ਜੈਵਿਕ ਬੁੱਧੀ ਜਾਂ ਸਮਾਜਿਕ ਮੌਕਿਆਂ ਨੂੰ ਮਾਪਦੀ ਹੈ। ਮਿਆਰੀ ਪ੍ਰੀਖਿਆ ਵਿ-ਦਅਕ ਕਿਸਮਤ ਬਣ ਗਈ.

ਪਰ ਮਿਆਰੀ ਟੈਸਟਾਂ ਦੀ ਕਿਹੜੀ ਆਲੋਚਨਾਵਾਂ ਖੁੰਝ ਜਾਂਦੀਆਂ ਹਨ ਕਿ ਉਹ ਸਾਰੇ ਇੱਕੋ ਜਿਹੇ ਨਹੀਂ ਹਨ। 'ਆਧਾਰਨ-ਸੰਦਰਭ' ਟੈਸਟ, ਇੱਕ ਵਿਦਿਆਰਥੀ ਨੂੰ ਇੱਕ ਖਾਸ ਵੰਡ ਵਿੱਚ ਰੱਖਣ ਲਈ, ਉਹਨਾਂ ਦੀ ਪਛਾਣ ਕਰ ਸਕਦੇ ਹਨ ਜੋ ਬਹੁਤ ਉੱਨਤ ਹਨ ਅਤੇ ਉਹਨਾਂ ਨੂੰ ਜਿਨ੍ਹਾਂ ਨੂੰ ਵਿਸ਼ੇਸ਼ ਸਹਾਇਤਾ ਦੀ ਲੋੜ ਹੈ। ਇਸ ਦੌਰਾਨ, 'ਮਾਪਦੰਡ-ਸੰਦਰਭ' ਟੈਸਟਾਂ ਦੀ ਵਰਤੋਂ ਇਹ ਜਾਂਚ ਕਰਨ ਲਈ ਕੀਤੀ ਜਾਂਦੀ ਹੈ ਕਿ ਕੀ ਕੋਈ ਵਿਦਿਆਰਥੀ ਕਿਸੇ ਵਿਸ਼ੇਸ਼ ਮਿਆਰ 'ਤੇ ਪਹੁੰਚ ਗਿਆ ਹੈ।

ਪਛਾਣੀਆਂ ਗਈਆਂ ਕਮਜ਼ੋਰੀਆਂ ਲਈ ਇਹ ਨਿਸ਼ਾਨਾ ਸਹਾਇਤਾ ਵਿਦਿਆਰਥੀਆਂ ਲਈ ਸਾਰੇ ਫਰਕ ਲਿਆ ਸਕਦੀ ਹੈ ਅਤੇ ਵਿਦਿਅਕ ਇਕੁਇਟੀ ਦਾ ਇੱਕ ਸਾਧਨ ਹੋ ਸਕਦੀ ਹੈ। ਜੇ ਕੋਈ ਨੇੜੇ-ਤੇੜੇ ਨਜ਼ਰ ਆਉਂਦਾ ਹੈ, ਤਾਂ ਉਸ ਨੂੰ ਇਹ ਨਹੀਂ ਦੱਸਿਆ ਜਾਂਦਾ ਕਿ ਉਸ ਵਿਚ ਸਥਾਈ ਕਮੀ ਹੈ, ਉਹ ਤਜਵੀਜ਼ ਵਾਲੀਆਂ ਐਨਕਾਂ ਹਨ। ਇਹ ਉਦੋਂ ਹੁੰਦਾ ਹੈ ਜਦੋਂ ਇੱਕ ਨਤੀਜੇ ਨੂੰ ਕਹਾਣੀ ਦੇ ਅੰਤ ਦੇ ਰੂਪ ਵਿੱਚ ਮੰਨਿਆ ਜਾਂਦਾ ਹੈ, ਨਾ ਕਿ ਦਖਲਅੰਦਾਜ਼ੀ ਲਈ ਉਤਸ਼ਾਹ ਦੀ ਬਜਾਏ, ਕਿ ਇੱਕ ਸਮੱਸਿਆ ਹੈ।

ਸਕੂਲ ਨੂੰ ਸਮਾਜਿਕ ਮੌਕਿਆਂ ਦਾ ਮਹਾਨ ਬਰਾਬਰੀ ਮੰਨਿਆ ਜਾਂਦਾ ਹੈ, ਪਰ ਇਹ ਇਸ ਤਰ੍ਹਾਂ ਕੰਮ ਨਹੀਂ ਕਰਦਾ ਹੈ। ਮਿਆਰੀ ਟੈਸਟ ਸਕੂਲੀ ਗ੍ਰੇਡਾਂ ਦੇ ਉੱਚ-ਦਾਅ ਦੇ ਦਬਾਅ ਨੂੰ ਦੂਰ ਕਰਦੇ ਹਨ, ਪਰ ਦੋਵੇਂ ਸਮਾਜਿਕ-ਆਰਥਿਕ ਸਥਿਤੀ ਨਾਲ ਸਬੰਧਿਤ ਹਨ। ਪਰ ਫਿਰ, ਵਿਦਿਆਰਥੀ ਦੇ ਲੇਖ ਵੀ ਹਨ, ਜਿਸ ਲਈ ਉਹ ਅਕਸਰ ਆਪਣੇ ਨੈਟਵਰਕ 'ਤੇ ਭਰੋਸਾ ਕਰਦੇ ਹਨ। ਸਿਫਾਰਸ਼ੀ ਅੱਖਰਾਂ ਨੂੰ ਪਾਰਸ ਕਰਨਾ ਔਖਾ ਹੋ ਸਕਦਾ ਹੈ, ਵਿਸ਼ੇਸ਼ਣਾਂ ਅਤੇ ਲਿਖਣ ਦੀਆਂ ਸ਼ੈਲੀਆਂ ਦੀ ਗੜਬੜ ਹੋ ਸਕਦੀ ਹੈ। ਨਿਰਪੱਖਤਾ ਲਈ ਕੋਈ ਆਸਾਨ ਹੱਲ ਨਹੀਂ ਹੈ, ਇਕੋ ਇਕ ਤਰੀਕਾ ਹੈ ਸੂਖਮ ਨਿਰਣੇ ਦੀ ਵਰਤੋਂ ਕਰਨਾ, ਇਹ ਜਾਣਦੇ ਹੋਏ ਕਿ ਇਹ ਉਪਯੋਗੀ ਸਾਧਨ ਹਥਿਆਰ ਵੀ ਹੋ ਸਕਦੇ ਹਨ. ਮਾਰਕ ਅਤੇ ਟੈਸਟਿੰਗ ਦੀ ਦੁਰਦਸ਼ਾ ਇੱਕ ਦੁਸ਼ਟ ਸਮੱਸਿਆ ਹੈ, ਸਾਰਾ ਸੰਸਾਰ ਸਮਾਨ ਨਿਰਾਸ਼ਾ ਨਾਲ ਸੰਘਰਸ਼ ਕਰ ਰਿਹਾ ਹੈ. ਦੇਸ਼ ਵੱਖ-ਵੱਖ ਤੱਤਾਂ ਅਤੇ ਵਜ਼ਨਾਂ ਨਾਲ ਪ੍ਰਯੋਗ ਕਰਦੇ ਹਨ। ਜ਼ੈਂਬੀਆ ਰਾਸ਼ਟਰੀ ਪ੍ਰੀਖਿਆਵਾਂ 'ਤੇ 75% ਅਤੇ ਸਕੂਲ ਦੇ ਗ੍ਰੇਡਾਂ 'ਤੇ 25% ਨਾਲ ਵਿਦਿਆਰਥੀਆਂ ਦਾ ਮੁਲਾਂਕਣ ਕਰਦਾ ਹੈ। ਨਿਊਜ਼ੀਲੈਂਡ ਸੈਕੰਡਰੀ ਸਕੂਲ ਵਿੱਚ ਪਾਸ-ਫੇਲ ਸਿਸਟਮ ਰਾਹੀਂ ਪ੍ਰਗਤੀ ਨੂੰ ਮਾਪਦਾ ਹੈ, ਨਾ ਕਿ ਗ੍ਰੇਡ, ਮੁਕਾਬਲੇ ਅਤੇ ਗੇਮਿੰਗ ਦੋਵਾਂ ਨੂੰ ਘਟਾਉਂਦਾ ਹੈ। ਉੱਚ ਪੱਧਰਾਂ 'ਤੇ, ਇਹ ਵਿਦਿਆਰਥੀਆਂ ਨੂੰ ਮੁਕਾਬਲਾ ਕਰਨ ਦੇਣ ਲਈ, ਯੋਗਤਾ ਅਤੇ ਉੱਤਮਤਾ ਲਈ ਅੰਤਰ ਜੋੜਦਾ ਹੈ। ਸਿੰਗਾਪੁਰ ਨੇ ਹਾਲ ਹੀ ਵਿੱਚ ਆਪਣੀ ਰੈਂਕਿੰਗ ਪ੍ਰਣਾਲੀਆਂ ਨੂੰ ਅਸਥਿਰ ਹੋਣ ਦਾ ਫੈਸਲਾ ਕਰਨ ਤੋਂ ਬਾਅਦ ਸਮਤਲ ਕੀਤਾ ਹੈ। ਇੱਕ ਹੋਰ ਤਰੀਕਾ ਹੈ ਅਭਿਆਸ ਕਰਨ ਲਈ ਟੈਸਟਾਂ ਨੂੰ ਪੈੱਗ ਕਰਨਾ: ਉਦਾਹਰਨ ਲਈ, ਇਤਿਹਾਸ ਲਈ ਬਹੁ-ਚੋਣ ਵਾਲੇ ਸਵਾਲਾਂ ਦੀ ਬਜਾਏ, ਇਤਿਹਾਸਕਾਰ ਕੀ ਕਰਦੇ ਹਨ, ਅਤੀਤ ਦੀ ਵਿਆਖਿਆ ਦੀ ਪੇਸ਼ਕਸ਼ ਕਰਨ ਲਈ ਪੁਰਾਲੇਖ ਦੇ ਟੁਕੜਿਆਂ ਨੂੰ ਤੋੜਨਾ ਸਮਝਦਾ ਹੈ।

ਕਿਤਾਬ ਦਰਸਾਉਂਦੀ ਹੈ ਕਿ ਸਾਨੂੰ ਆਮ ਜਾਂ ਤਾਂ/ਜਾਂ ਅੰਕਾਂ ਅਤੇ ਪ੍ਰੀਖਿਆਵਾਂ ਬਾਰੇ ਫਰੇਮਿੰਗ ਤੋਂ ਪਰੇ ਜਾਣ ਦੀ ਲੋੜ ਹੈ। ਸਾਨੂੰ ਹਰੇਕ ਸਾਧਨ ਦੇ ਖਾਸ ਉਪਯੋਗਾਂ ਨੂੰ ਦੇਖਣ ਦੀ ਲੋੜ ਹੈ, ਅਤੇ ਵਿਆਪਕ ਟੀਚਿਆਂ ਦੇ ਸੰਦਰਭ ਵਿੱਚ. ਸਾਨੂੰ ਪੁਨਰ-ਨਿਰਮਾਣ ਦੀ ਬਜਾਏ ਮੁੜ ਕੈਲੀਬਰੇਟ ਕਰਨ ਦੀ ਲੋੜ ਹੈ

# ਪੰਜਾਬ ਦੇ ਖਿਡਾਰੀਆਂ ਨੇ ਏਸ਼ੀਅਨ ਗੇਮਜ਼ ਦੇ 72 ਵਰ੍ਹਿਆਂ ਦੇ ਸਾਰੇ ਰਿਕਾਰਡ ਤੋੜੇ

ਚੰਡੀਗੜ੍ਹ, 8 ਅਕਤੂਬਰ (ਗਿਆਨ ਸਿੰਘ): ਹਾਂਗਜ਼ੂ ਵਿਖੇ ਅੱਜ ਸੰਪੰਨ ਹੋਈਆਂ ਏਸ਼ੀਅਨ ਗੇਮਜ਼ ਵਿੱਚ ਭਾਰਤ ਨੇ ਖਿਡਾਰੀਆਂ ਨੇ ਜਿੱਥੇ ਆਪਣਾ ਹੁਣ ਤੱਕ ਦਾ ਸਰਵੋਤਮ ਪ੍ਰਦਰਸ਼ਨ ਕਰਦਿਆਂ 28 ਸੋਨੇ, 38 ਚਾਂਦੀ ਤੇ 41 ਕਾਂਸੀ ਦੇ ਤਮਗ਼ਿਆਂ ਨਾਲ ਕੁੱਲ 107 ਤਮਗ਼ੇ ਜਿੱਤ ਕੇ ਤਮਗ਼ਾ ਸੂਚੀ ਵਿੱਚ ਚੌਥਾ ਸਥਾਨ ਹਾਸਲ ਕੀਤਾ ਉੱਥੇ ਪੰਜਾਬ ਦੇ 33 ਖਿਡਾਰੀਆਂ ਨੇ ਵੀ ਏਸ਼ੀਅਨ ਗੇਮਜ਼ ਦੇ 72 ਵਰ੍ਹਿਆਂ ਦੇ ਸਾਰੇ ਰਿਕਾਰਡ ਤੋੜਦਿਆਂ 8 ਸੋਨੇ, 6 ਚਾਂਦੀ ਤੇ 5 ਕਾਂਸੀ ਦੇ ਤਮਗ਼ਿਆਂ ਨਾਲ ਕੁੱਲ 19 ਤਮਗ਼ੇ ਜਿੱਤੇ।

## ਖੇਡ ਮੰਤਰੀ ਮੀਤ ਹੇਅਰ ਨੇ ਭਾਰਤੀ ਖੇਡ ਦਲ ਤੇ ਪੰਜਾਬੀ ਖਿਡਾਰੀਆਂ ਨੂੰ ਦਿੱਤੀ ਮੁਬਾਰਕਬਾਦ

ਏਸ਼ਿਆਈ ਖੇਡਾਂ ਦੇ 72 ਵਰ੍ਹਿਆਂ ਦੇ ਇਤਿਹਾਸ ਵਿੱਚ ਪੰਜਾਬ ਦੇ ਖਿਡਾਰੀਆਂ ਨੇ ਇਸ ਤੋਂ ਪਹਿਲਾਂ ਸਭ ਤੋਂ ਵੱਧ ਸੋਨ ਤਮਗ਼ੇ 1951 ਵਿੱਚ ਨਵੀਂ ਦਿੱਲੀ ਅਤੇ 1962 ਵਿੱਚ ਜਕਾਰਤਾ ਏਸ਼ੀਅਨ ਗੇਮਜ਼ ਵਿੱਚ 7-7 ਸੋਨ ਤਮਗ਼ੇ ਜਿੱਤੇ ਸਨ ਅਤੇ ਇਸ ਵਾਰ ਇਹ ਰਿਕਾਰਡ ਤੋੜਦਿਆਂ ਪੰਜਾਬ ਦੇ ਖਿਡਾਰੀਆਂ ਨੇ 8 ਸੋਨ ਤਮਗ਼ੇ ਜਿੱਤ ਲਏ। ਇਸ ਤੋਂ ਇਲਾਵਾ ਪੰਜਾਬੀ ਖਿਡਾਰੀਆਂ ਨੇ ਕੁੱਲ ਸਭ ਤੋਂ ਵੱਧ 15 ਤਮਗ਼ੇ 1951 ਵਿੱਚ ਨਵੀਂ ਦਿੱਲੀ ਵਿਖੇ ਜਿੱਤੇ ਸਨ। ਇਸ ਵਾਰ ਇਹ ਵੀ ਰਿਕਾਰਡ ਤੋੜਦਿਆਂ ਕੁੱਲ 19 ਤਮਗ਼ੇ ਜਿੱਤੇ ਹਨ।

ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਏਨੀਆਂ ਗੇਮਜ਼ ਵਿੱਚ ਭਾਰਤੀ ਖੇਡ ਦਲ ਤੇ ਪੰਜਾਬੀ ਖਿਡਾਰੀਆਂ ਨੂੰ ਦਿੱਤੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਖੇਡਾਂ ਦੇ ਵੱਡੇ ਮੰਚ ਉੱਤੇ ਸਾਡੇ ਖਿਡਾਰੀਆਂ ਨੇ ਆਪਣੀ ਮਿਹਨਤ ਬਲਬੂਤੇ ਦੇਸ਼ ਦਾ ਨਾਮ ਰੌਸ਼ਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਉੱਤੇ ਇਸ ਵਾਰ ਏਸ਼ੀਅਨ ਗੇਮਜ਼ ਵਿੱਚ ਹਿੱਸਾ ਲੈਣ ਗਏ 48 ਪੰਜਾਬੀ ਖਿਡਾਰੀਆਂ ਨੂੰ ਤਿਆਰੀ ਲਈ ਪ੍ਰਤੀ ਖਿਡਾਰੀ 8 ਲੱਖ ਰੁਪਏ ਦੇ ਹਿਸਾਬ ਨਾਲ ਕੁੱਲ 4.64 ਕਰੋੜ ਰੁਪਏ ਦਿੱਤੇ ਗਏ।

ਮੀਤ ਹੇਅਰ ਨੇ ਏਸ਼ੀਅਨ ਗੇਮਜ਼ ਵਿੱਚ ਤਮਗ਼ੇ ਜਿੱਤਣ ਵਾਲੇ ਪੰਜਾਬੀ ਖਿਡਾਰੀਆਂ ਦੇ ਵੇਰਵੇ ਜਾਰੀ ਕਰਦਿਆਂ ਦੱਸਿਆ ਕਿ ਸਿਫ਼ਤ ਕੌਰ ਸਮਰਾ ਨੇ ਨਿਸ਼ਾਨੇਬਾਜ਼ ਵਿੱਚ ਇੱਕ ਸੋਨੇ ਤੇ ਇੱਕ ਚਾਂਦੀ ਦਾ ਤਮਗ਼ਾ ਦਾ ਜਿੱਤਿਆ। ਸੋਨ ਤਮਗ਼ਾ ਜਿੱਤਣ ਵਾਲਿਆਂ ਵਿੱਚ ਹਰਮਨਪ੍ਰੀਤ ਕੌਰ (ਕਪਤਾਨ), ਕਨਿਕਾ ਆਹੂਜਾ ਤੇ ਅਮਨਜੋਤ ਕੌਰ ਨੇ ਮਹਿਲਾ ਕ੍ਰਿਕਟ, ਤੇਜਿੰਦਰ ਪਾਲ ਸਿੰਘ ਤੂਰ ਨੇ ਸ਼ਾਟਪੁੱਟ, ਅਰਜੁਨ ਸਿੰਘ ਚੀਮਾ ਤੇ ਜ਼ੋਰਾਵਾਰ ਸਿੰਘ ਸੰਧੂ ਨੇ ਨਿਸ਼ਾਨੇਬਾਜ਼ੀ, ਪ੍ਰਨੀਤ ਕੌਰ ਨੇ ਤੀਰਅੰਦਾਜ਼ੀ, ਹਰਮਨਪ੍ਰੀਤ ਸਿੰਘ (ਕਪਤਾਨ), ਹਾਰਦਿਕ ਸਿੰਘ (ਵਾਈਸ ਕਪਤਾਨ), ਮਨਪ੍ਰੀਤ ਸਿੰਘ, ਮਨਦੀਪ ਸਿੰਘ, ਵਰੁਣ ਕੁਮਾਰ, ਗੁਰਜੰਟ ਸਿੰਘ, ਸ਼ਮਸ਼ੇਰ ਸਿੰਘ, ਜਰਮਨਪ੍ਰੀਤ ਸਿੰਘ ਬੱਲ, ਕ੍ਰਿਸ਼ਨ ਬਹਾਦਰ ਪਾਠਕ ਤੇ ਸੁਖਜੀਤ ਸਿੰਘ ਨੇ ਪੁਰਸ਼ ਹਾਕੀ ਅਤੇ ਅਰਸ਼ਦੀਪ ਸਿੰਘ ਤੇ ਪ੍ਰਭਸਿਮਰਨ ਸਿੰਘ ਨੇ ਪੁਰਸ਼ ਕ੍ਰਿਕਟ ਵਿੱਚ ਸੋਨੇ ਦਾ ਤਮਗ਼ਾ ਜਿੱਤਿਆ।

ਚਾਂਦੀ ਦੇ ਤਮਗ਼ੇ ਜਿੱਤਣ ਵਾਲਿਆਂ ਵਿੱਚ ਹਰਮਿਲਨ ਬੈਂਸ ਨੇ 800 ਮੀਟਰ ਤੇ 1500 ਮੀਟਰ ਵਿੱਚ ਦੋ ਚਾਂਦੀ ਅਤੇ ਜਸਵਿੰਦਰ ਸਿੰਘ ਨੇ ਰੋਇੰਗ ਵਿੱਚ ਇੱਕ ਚਾਂਦੀ ਤੇ ਇੱਕ ਕਾਂਸੀ ਦਾ ਤਮਗ਼ਾ ਜਿੱਤਿਆ। ਧਰੁਵ ਕਪਿਲਾ ਨੇ ਬੈਡਮਿੰਟਨ ਟੀਮ ਤੇ ਰਾਜੇਸ਼ਵਰੀ ਕੁਮਾਰੀ ਵਿੱਚ ਟਰੈਪ ਨਿਸ਼ਾਨੇਬਾਜ਼ੀ ਵਿੱਚ ਚਾਂਦੀ ਦਾ ਤਮਗ਼ਾ ਜਿੱਤਿਆ।

ਕਾਂਸੀ ਦੇ ਤਮਗ਼ੇ ਜਿੱਤਣ ਵਾਲਿਆਂ ਵਿੱਚ ਵਿਜੈਵੀਰ ਸਿੱਧੂ ਨੇ ਨਿਸ਼ਾਨੇਬਾਜ਼ੀ, ਸਤਨਾਮ ਸਿੰਘ, ਸੁਖਮੀਤ ਸਿੰਘ ਤੇ ਚਰਨਜੀਤ ਸਿੰਘ ਨੇ ਰੋਇੰਗ, ਮੰਜੂ ਰਾਣੀ ਨੇ ਪੈਦਲ ਦੌੜ ਅਤੇ ਸਿਮਰਨਜੀਤ ਕੌਰ ਨੇ ਤੀਰਅੰਦਾਜ਼ੀ ਵਿੱਚ ਕਾਂਸੀ ਦਾ ਤਮਗ਼ਾ ਜਿੱਤਿਆ।


URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

(2021, 2018, 2015, 2014, 2013, 2012, 2011, 2010) (2020-2018) (2018-2009) (REMAX International) (2014) (2010)

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)

ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)

ਐਂਡ ਯੂਨਿਟ ਕਾਨ੍ਰਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਉਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)

ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)

ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC. REALTOR MLS MULTIPLE LISTING SERVICE

Ph:905-456-3232 **Based on units sold & commissions **Some conditions apply

*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT


# ਸਿੱਖਾਂ ਨੂੰ ਦਰਪੇਸ਼ ਚੁਣੌਤੀਆਂ ਲਈ ਸ਼੍ਰੋਮਣੀ ਕਮੇਟੀ ਠੋਸ ਯੋਜਨਾ ਉਲੀਕੇ : ਗਲੋਬਲ ਸਿੱਖ ਕੌਂਸਲ

## ਸ਼੍ਰੋਮਣੀ ਕਮੇਟੀ ਮੈਂਬਰ ਅੰਮ੍ਰਿਤ ਸੰਚਾਰ ਤੇ ਗੁਰਸਿੱਖੀ ਦਾ ਪ੍ਰਚਾਰ ਪਿੰਡ ਪੱਧਰ 'ਤੇ ਕਰਨ

GLOBAL SIKH COUNCIL
VOICE OF SIKHS WORLDWIDE



ਚੰਡੀਗੜ੍ਹ, 8 ਅਕਤੂਬਰ (ਗਿਆਨ ਸਿੰਘ): ਗਲੋਬਲ ਸਿੱਖ ਕੌਂਸਲ (ਜੀ.ਐਸ.ਸੀ.) ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਨੂੰ ਅਪੀਲ ਕੀਤੀ ਹੈ ਕਿ ਸਿੱਖਾਂ ਦੀ ਮੁੱਢਲੀ ਧਾਰਮਿਕ ਸੰਸਥਾ ਵਜੋਂ ਆਪਣੀ ਅਹਿਮ ਭੂਮਿਕਾ ਦੇ ਮੱਦੇਨਜਰ ਸਿੱਖ ਕੌਮ ਨੂੰ ਦਰਪੇਸ਼ ਅਨੇਕਾਂ ਚੁਣੌਤੀਆਂ ਦੇ ਹੱਲ ਲਈ ਤੁਰੰਤ ਠੋਸ ਯੋਜਨਾ ਉਲੀਕੇ।

ਐਸ.ਜੀ.ਪੀ.ਸੀ. ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਨੂੰ ਲਿਖੇ ਪੱਤਰ ਵਿੱਚ ਜੀ.ਐਸ.ਸੀ. ਦੀ ਪ੍ਰਧਾਨ ਲੇਡੀ ਸਿੰਘ ਡਾ. ਕੰਵਲਜੀਤ ਕੌਰ ਨੇ ਸੁਝਾਅ ਦਿੱਤਾ ਹੈ ਕਿ ਉਹ ਸਾਰੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਬਣਦੀ ਜਿੰਮੇਵਾਰੀ ਨਿਭਾਉਣ ਅਤੇ ਪਿੰਡਾਂ ਵਿੱਚ ਬਰਾਬਰੀ ਦੇ ਸਿੱਖ ਸਿਧਾਂਤਾਂ, ਅੰਮ੍ਰਿਤ ਸੰਚਾਰ ਤੇ ਗੁਰਸਿੱਖੀ ਨੂੰ ਬਿਹਤਰ ਤਰੀਕੇ ਨਾਲ ਪ੍ਰਫੁੱਲਤ ਕਰਨ ਲਈ ਆਪੋ-ਆਪਣੇ ਹਲਕਿਆਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਕਹਿਣ। ਜੀ.ਐਸ.ਸੀ. ਦੀ ਪ੍ਰਧਾਨ ਨੇ ਭਵਿੱਖੀ ਖ਼ਦਸ਼ਾ ਜ਼ਾਹਰ ਕਰਦਿਆਂ ਕਿਹਾ ਹੈ ਕਿ ਹੇਠਲੇ ਪੱਧਰ ਉੱਪਰ ਗੁਰਬਾਣੀ, ਮਰਿਯਾਦਾ ਅਤੇ ਅੰਮ੍ਰਿਤ ਪ੍ਰਚਾਰ ਦੇ ਪ੍ਰਚਾਰ-ਪ੍ਰਸਾਰ ਨੂੰ ਨਜ਼ਰਅੰਦਾਜ਼ ਕਰਨ ਦੇ ਵਿਨਾਸ਼ਕਾਰੀ ਨਤੀਜੇ ਨਿੱਕਲ ਸਕਦੇ ਹਨ ਕਿਉਂਕਿ ਅਗਿਆਨ ਲੋਕਾਂ ਦੇ ਅਨੈਤਿਕ ਧਰਮ ਪਰਿਵਰਤਨ ਲਈ ਸੰਭਾਵੀ ਤੌਰ 'ਤੇ ਈਸਾਈ ਪਾਦਰੀਆਂ ਤੇ ਪ੍ਰਚਾਰਕਾਂ ਵੱਲੋਂ ਅਜਿਹੀ ਸਥਿਤੀ ਦਾ ਫ਼ਾਇਦਾ ਉਠਾਇਆ ਜਾਂਦਾ ਹੈ।

ਇਸ ਤੋਂ ਇਲਾਵਾ, ਗਲੋਬਲ ਸਿੱਖ ਕੌਂਸਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਹੈ ਕਿ ਐਸ.ਜੀ.ਪੀ.ਸੀ. ਮੈਂਬਰਾਂ ਨੂੰ ਆਪਣੇ ਹਲਕੇ ਦੇ ਲੋਕਾਂ ਨਾਲ ਨਜ਼ਦੀਕੀ ਸਬੰਧ ਸਥਾਪਤ ਕਰਨੇ ਚਾਹੀਦੇ ਹਨ ਅਤੇ, ਧਾਰਮਿਕ ਪ੍ਰਚਾਰਕਾਂ ਦੇ ਸਹਿਯੋਗ ਨਾਲ, ਸਿੱਖੀ ਅਤੇ ਅੰਮ੍ਰਿਤ ਪ੍ਰਚਾਰ ਦੀ ਲਹਿਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਇਸ ਤੋਂ ਇਲਾਵਾ, ਉਨ੍ਹਾਂ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਿੰਡਾਂ ਵਿੱਚ ਨੌਜਵਾਨਾਂ ਵੱਲੋਂ ਨਸ਼ਿਆਂ ਦੀ ਵਰਤੋਂ ਵਿੱਚ ਹੋ ਰਹੇ ਚਿੰਤਾਜਨਕ ਵਾਧੇ ਵਿਰੁੱਧ ਅਜਿਹੇ ਪ੍ਰਭਾਵਿਤ ਪਰਿਵਾਰਾਂ ਤੇ ਨੌਜਵਾਨਾਂ ਨੂੰ ਬਚਾਉਣ ਲਈ ਸਰਗਰਮੀ ਨਾਲ ਮੁਹਿੰਮ ਚਲਾਉਣ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਧਰਮ ਪ੍ਰਚਾਰ ਲਹਿਰ' ਤਹਿਤ ਉੱਘੇ ਰਾਗੀ, ਢਾਡੀ, ਪ੍ਰਚਾਰਕ ਜਥਿਆਂ ਤੇ ਸਿੱਖ ਕਥਾਵਾਚਕਾਂ ਨੂੰ ਪਿੰਡਾਂ-ਸ਼ਹਿਰਾਂ ਵਿੱਚ ਗੁਰਬਾਣੀ, ਕੀਰਤਨ ਅਤੇ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ। ਇਸ ਤੋਂ ਇਲਾਵਾ ਵੱਖ-ਵੱਖ ਥਾਵਾਂ 'ਤੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਦੇ ਪ੍ਰੋਗਰਾਮ ਅਤੇ ਵਿੱਦਿਅਕ ਸੰਸਥਾਵਾਂ ਵਿਚ ਧਾਰਮਿਕ ਮੁਕਾਬਲੇ ਕਰਵਾਏ ਜਾਣ। ਇਸ ਦੇ ਨਾਲ ਹੀ 'ਕੇਸਾਧਾਰੀ' ਖੇਡ ਸਮਾਗਮਾਂ ਕਰਵਾਉਣ 'ਤੇ ਵੀ ਧਿਆਨ ਦਿੱਤਾ ਜਾਣਾ ਚਾਹੀਦਾ ਹੈ ਅਤੇ ਖਾਸ ਤੌਰ 'ਤੇ ਹਰ ਗੁਰਦੁਆਰੇ ਵਿੱਚ ਸਿੱਖ ਮਾਰਸ਼ਲ ਆਰਟ ਗੱਤਕਾ ਦੇ ਸਿਖਲਾਈ ਕੈਂਪ ਲਾਏ ਜਾਣ।

ਲੇਡੀ ਸਿੰਘ ਨੇ ਪੰਜਾਬ ਵਿੱਚ ਜ਼ਮੀਨੀ ਪੱਧਰ 'ਤੇ ਸਿੱਖ ਸਿਧਾਂਤਾਂ ਦੇ ਅਧੂਰੇ ਪ੍ਰਚਾਰ ਨੂੰ ਲੈ ਕੇ ਵਿਸ਼ਵ ਸਿੱਖ ਭਾਈਚਾਰੇ ਅੰਦਰ ਵੱਧ ਰਹੀ ਚਿੰਤਾ ਨੂੰ ਉਜਾਗਰ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਇਹ ਵੀ ਅਪੀਲ ਕੀਤੀ ਹੈ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਇਹ ਯਕੀਨੀ ਬਣਾਉਣ ਲਈ ਆਪਣੇ ਪ੍ਰਭਾਵ ਦੀ ਵਰਤੋਂ ਕਰਨ ਕਿ ਪੰਜਾਬੀਆਂ ਨਾਲ ਨੌਕਰੀ ਦੇ ਮੌਕਿਆਂ ਵਿੱਚ ਵਿਤਕਰਾ ਨਾ ਕੀਤਾ ਜਾਵੇ। ਉਨਾਂ ਅੱਗੇ ਕਿਹਾ ਕਿ ਅਜਿਹੇ ਵਿਤਕਰੇ ਕਾਰਨ ਹੀ ਬਹੁਤ ਸਾਰੇ ਸਿੱਖ ਬੱਚੇ ਦੂਜੇ ਰਾਜਾਂ ਅਤੇ ਬਾਹਰਲੇ ਮੁਲਕਾਂ ਵਿੱਚ ਰੋਜ਼ੀ-ਰੋਟੀ ਦੀ ਭਾਲ ਕਰਨ ਲਈ ਮਜਬੂਰ ਹਨ ਜਿਸਦਾ ਪੰਜਾਬ ਨੂੰ ਨੁਕਸਾਨ ਹੋ ਰਿਹਾ ਹੈ।


Dr. Randhawa Dentistry

Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd, Mcvean Dr, Gore Rd, DENTISTRY, Squire Ellis Dr, Countryside Dr



Grand Upholstery Ltd
Sofa Company Originality in Every Piece


Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


THE UNTOLD STORY OF
SHAHEED KARTAR SINGH SARABHA
PRESS CONFRENCE
COURTYARD BY MARRIOT BRAMPTON
OCTOBER 9TH - 5:00PM
90 BISCAYNE CRES., BRAMPTON ON L6W4S1
FOR MORE INFO CONTACT:
GURSHARAN MANN - 416-854-2923
DARKHAN PUNJAB
PRESENTS
ਸ਼ਹੀਦ ਕਰਤਾਰ ਸਿੰਘ ਸਰਾਭਾ
ਦੀ ਉਹ ਕਹਾਣੀ ਜੋ ਕਦੀ ਨਹੀਂ ਸੁਣਾਈ ਗਈ
SARABHA
A FILM BY KAVI RAZ
ਸਰਾਭਾ
PRODUCERS: ARVIND SINGLA | KULDEEP SHARMA | VEEPASHA KASHYAP | SARBJIT HUNDAL | ANIL UPPAL | ANIL YADAV | KAVI RAZ
AMRIT GREWAL SARABHA | JATINDER JAY MINHAS. STARRING: JAPTEJ SINGH | MUKUL DEV | KAVI RAZ | KANWAR GREWAL | JASBIR JASSI
PRITHVI RAAJ SINGH SIDHU JASPINDER CHEEMA | MALKEET RAUNI | MAHABIR BHULLAR | MALKIAT MEET | ANKUR RATHEE
SUMEND WANKHANDE | GURPREET RATOL | AMANINDER DHILLON | SAMEER SHARMA | AKAASH YADAV | SHARHAAN SINGH | KABIR GILL
DARREN TASSELL | ALEX REECE | SPECIAL APPEARANCE: JOBANPREET SINGH. EXECUTIVE PRODUCER: SWARAN SINGH
DIRECTOR OF PHOTOGRAPHY (INDIA): INDERJIT BANSEL | (USA): AARON C SMITH
MUA: REGINA SCHIMER | COSTUME DESIGNER: SUNNY BINNING | PRODUCTION DESIGNER: ASHISH KAUSHAL
EDITOR: HARPER GAHUNIA | BACKGROUND SCORE: SHEZAN SHEIKH | MUSIC BY: ONKAR MINHAS | SAAJID SALAAM | DYA SINGH.
FIRST ASSIT. DIRECTOR: VICKEY KADAM | ASSIT. DIRECTOR: MALKIAT MEET | PUBLICITY DESIGNER: MILROY GOES
WRITTEN & DIRECTED BY KAVI RAZ
Distribution Partner
RELEASING WORLDWIDE IN CINEMAS
3RD NOVEMBER 2023

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017